SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 24* Issue 58 | Thursday, 24 April 2025 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਐੱਨਡੀਪੀ ਪਾਰਟੀ ਅਧਿਕਾਰਤ ਦਰਜਾ ਗੁਆਉਂਦੀ ਹੈ ਤਾਂ ਜਗਮੀਤ ਨਹੀਂ ਰਹਿ ਸਕਦੇ ਆਗੂ : ਮਲਕੇਅਰ

### ਕਿਹਾ, ਪਾਰਟੀ ’ਤੇ ਆ ਸਕਦੈ ਮੁਸ਼ਕਿਲ ਸਮਾਂ



ਓਟਵਾ, 23 ਅਪ੍ਰੈਲ (ਪੋਸਟ ਬਿਊਰੋ): ਐੱਨਡੀਪੀ ਦੇ ਸਾਬਕਾ ਨੇਤਾ ਟੌਮ ਮਲਕ-ਅਰ ਕਹਿੰਦੇ ਹਨ ਕਿ ਜੇਕਰ ਐਨਡੀਪੀ ਸੰਸਦ ਵਿੱਚ ਅਧਿਕਾਰਤ ਦਰਜਾ ਗੁਆ ਦਿੰਦੀ ਹੈ ਤਾਂ ਜਗਮੀਤ ਸਿੰਘ ਪਾਰਟੀ ਦੀ ਅਗਵਾਈ ਜਾਰੀ ਨਹੀਂ ਰੱਖ ਸਕਦੇ, ਜਿਵੇਂ ਕਿ ਕੁਝ ਪੋਲਿੰਗ ਸੁਝਾਅ ਦਿੰਦੇ ਹਨ ਕਿ ਅਜਿਹਾ ਹੋ ਸਕਦਾ ਹੈ। ਮੰਗਲਵਾਰ ਨੂੰ ਸੀਟੀਵੀ ਵੱਲੋਂ ਸਿੱਧੇ ਤੌਰ 'ਤੇ ਮਲਕੇਅਰ ਨੂੰ ਇਸ ਬਾਰੇ ਸਵਾਲ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਿੰਘ ਜਾਣਦੇ ਹਨ ਕਿ ਨਤੀਜੇ ਕੀ ਹੋਣ ਵਾਲੇ ਹਨ। ਲੱਗਦਾ ਹੈ ਕਿ ਉਹ ਇਸ ਗੱਲ ‘ਤੇ ਸ਼ਾਂਤ ਹਨ ਕਿ ਇਸਦਾ ਉਨ੍ਹਾਂ ਲਈ ਕੀ ਅਰਥ ਹੋ ਸਕਦਾ ਹੈ। ਕੋਈ ਸੰਕੇਤ ਨਹੀਂ ਮਿਲ ਰਿਹਾ ਹੈ ਕਿ ਉਹ ਬਣੇ ਰਹਿਣ ਲਈ ਲੜਨ ਦਾ ਇਰਾਦਾ ਰੱਖਦੇ ਹਨ। ਜੇਕਰ ਨਤੀਜਾ ਉਹੀ ਹੈ ਜਿਸਦੀ ਚੋਣਾਂ ਵਿੱਚ ਭਵਿੱਖਬਾਣੀ ਕੀਤੀ ਜਾ ਰਹੀ ਹੈ ਤਾਂ ਪਾਰਟੀ ਇੱਕ ਅਸਲ ਮੁਸ਼ਕਲ ਸਮੇਂ ਵਿੱਚੋਂ ਲੰਘਣ ਜਾ ਰਹੀ ਹੈ।

ਭੰਗ ਹੋਣ ਤੋਂ ਪਹਿਲਾਂ, ਐਨਡੀਪੀ ਕੋਲ ਹਾਊਸ ਆਫ਼ ਕਾਮਨਜ਼ ਵਿੱਚ 24 ਸੀਟਾਂ ਸਨ, ਪਰ 338 ਕੈਨੇਡਾ ਦੇ ਅਨੁਸਾਰ, ਜੋ ਕੁੱਲ ਮਿਲਾ ਕੇ ਪੋਲਿੰਗ ਡੇਟਾ ਇਕੱਠਾ ਕਰਦਾ ਹੈ, ਐਨਡੀਪੀ ਸਿਰਫ ਨੌਂ ਸੀਟਾਂ ਜਿੱਤ ਸਕੇਗੀ। ਅਧਿਕਾਰਤ ਪਾਰਟੀ ਦਾ ਦਰਜਾ ਪ੍ਰਾਪਤ ਕਰਨ ਲਈ ਬਾਰਾਂ ਸੀਟਾਂ ਦੀ ਲੋੜ ਹੈ। ਸੋਮਵਾਰ ਨੂੰ ਬੀ.ਸੀ. ਵਿੱਚ ਇੱਕ ਰੈਲੀ ਵਿੱਚ, ਉਹ ਸੂਬਾ ਜੋ ਐਨਡੀਪੀ ਦੀਆਂ ਅੱਧੀਆਂ ਸੀਟਾਂ ਦਾ ਘਰ ਹੈ, ਸਿੰਘ ਨੇ ਵੋਟਰਾਂ ਨੂੰ ਇਹ ਸਪੱਸ਼ਟ ਕਰਨ ਦੀ ਕੋਸ਼ਿਸ਼ ਕੀਤੀ ਕਿ ਇਸ ਚੋਣ ਵਿੱਚ ਪਾਰਟੀ ਲਈ ਕੀ ਜੋਖਮ ਹੈ। ਜਗਮੀਤ ਸਿੰਘ ਨੇ ਪੋਰਟ ਮੂਡੀ ਵਿੱਚ ਭੀੜ ਨੂੰ ਕਿਹਾ ਕਿ ਬ੍ਰਿਟਿਸ਼ ਕੋਲੰਬੀਅਨ ਫੈਸਲਾ ਕਰਨਗੇ ਕਿ ਅੱਗੇ ਕੀ ਹੁੰਦਾ ਹੈ, ਕੀ (ਲਿਬਰਲ ਲੀਡਰ) ਮਾਰਕ ਕਾਰਨੀ ਨੂੰ ਸੁਪਰਮੈਜੋਰਿਟੀ ਮਿਲਦੀ ਹੈ ਜਾਂ ਨਹੀਂ। ਇਹ ਪੁੱਛੇ ਜਾਣ 'ਤੇ ਕਿ ਕੀ ਪਾਰਟੀ ਦਾ ਅਧਿਕਾਰਤ ਦਰਜਾ ਖਤਮ ਹੋਣ 'ਤੇ ਉਹ ਅਸਤੀਫਾ ਦੇ ਦੇਣਗੇ, ਸਿੰਘ ਨੇ ਕਿਹਾ ਕਿ ਇਸ ਬਾਰੇ ਅਜੇ ਕੋਈ ਇਰਾਦਾ ਨਹੀਂ ਹੈ।

## ਸੀਸੀਐੱਸ ਦੀ ਮੀਟਿੰਗ ਦੌਰਾਨ ਭਾਰਤ ਨੇ ਪਾਕਿਸਤਾਨ ਨਾਲ ਸਿੰਧੂ ਜਲ ਸੰਧੀ ਨੂੰ ਕੀਤਾ ਮੁਅੱਤਲ, ਪਾਕਿਸਤਾਨੀ ਨਾਗਰਿਕਾਂ ਦੇ ਵੀਜ਼ੇ ਵੀ ਰੱਦ

ਨਵੀਂ ਦਿੱਲੀ, 23 ਅਪ੍ਰੈਲ (ਪੋਸਟ ਬਿਊਰੋ): ਜੰਮੂ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਦੇ ਇੱਕ ਦਿਨ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਸੁਰੱਖਿਆ ਬਾਰੇ ਕੈਬਨਿਟ ਕਮੇਟੀ (ਸੀਸੀਐੱਸ) ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਤਾਂ ਜੋ ਸਥਿਤੀ ਦਾ ਜਾਇਜ਼ਾ ਲਿਆ ਜਾ ਸਕੇ ਅਤੇ ਸਰਕਾਰ ਦੀ ਰਣਨੀਤੀ ’ਤੇ ਵਿਚਾਰ-ਵਟਾਂਦਰਾ ਕੀਤਾ ਜਾ ਸਕੇ। ਪਹਿਲਗਾਮ ਅਤਿਵਾਦੀ ਹਮਲੇ ’ਚ 26 ਜਣਿਆਂ ਦੀ ਮੌਤ ਹੋ ਗਈ ਸੀ।

ਸੁਰੱਖਿਆ ਸਬੰਧੀ ਕੈਬਨਿਟ ਕਮੇਟੀ ਨੇ ਪਹਿਲਗਾਮ ਅਤਿਵਾਦੀ ਹਮਲੇ ਦੇ ਮੱਦੇਨਜ਼ਰ ਅੱਜ ਇੱਥੇ ਸਖ਼ਤ ਕਦਮ ਚੁੱਕਦਿਆਂ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨ, ਪਾਕਿਸਤਾਨੀ ਨਾਗਰਿਕਾਂ ਦੇ ਵੀਜ਼ਾ ਰੱਦ ਕਰਨ ਸਣੇ ਕਈ ਫ਼ੈਸਲੇ ਲਏ।

ਸੀਸੀਐੱਸ ਦੀ ਮੀਟਿੰਗ ਮਗਰੋਂ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਪੱਤਰਕਾਰਾਂ ਨੂੰ ਫ਼ੈਸਲਿਆਂ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ 1960 ਦੀ ਸਿੰਧੂ ਜਲ ਸੰਧੀ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤੀ ਗਈ ਹੈ, ਜਦੋਂ ਤੱਕ ਪਾਕਿਸਤਾਨ ਭਰੋਸੇਯੋਗ ਅਤੇ ਅਟੱਲ ਤੌਰ ’ਤੇ ਸਰਹੱਦ ਪਾਰ ਅੱਤਵਾਦ ਨੂੰ ਆਪਣਾ ਸਮਰਥਨ ਬੰਦ ਨਹੀਂ ਕਰ ਦਿੰਦਾ।

### ਅਟਾਰੀ ਚੈੱਕ ਪੋਸਟ ਨੂੰ ਵੀ ਬੰਦ ਕਰਨ ਦਾ ਫ਼ੈਸਲਾ

ਮਿਸਰੀ ਨੇ ਦੱਸਿਆ ਕਿ ਅਟਾਰੀ ਏਕੀਕ੍ਰਿਤ ਚੈੱਕ ਪੋਸਟ ਨੂੰ ਵੀ ਤੁਰੰਤ ਪ੍ਰਭਾਵ ਨਾਲ ਬੰਦ ਕਰਨ ਦਾ ਫ਼ੈਸਲਾ ਲਿਆ ਗਿਆ ਹੈ। ਉਨ੍ਹਾਂ ਅਨੁਸਾਰ ਇਹ ਫ਼ੈਸਲਾ ਵੀ ਲਿਆ ਗਿਆ ਕਿ ਪਾਕਿ-ਸਤਾਨ ਹਾਈ ਕਮਿਸ਼ਨ ਦੇ ਰੱਖਿਆ/ਸੈਨਿਕ, ਜਲ ਸੈਨਾ ਅਤੇ ਹਵਾਈ ਸਲਾਹਕਾਰਾਂ ਨੂੰ ਇੱਕ ਹਫ਼ਤੇ ਦੇ ਅੰਦਰ-ਅੰਦਰ ਭਾਰਤ ਛੱਡਣ ਲਈ ਕਿਹਾ ਗਿਆ ਹੈ।

ਸਰਕਾਰ ਨੇ ਇਸਲਾਮਾਬਾਦ ਸਥਿਤ ਭਾਰਤੀ ਹਾਈ ਕਮਿਸ਼ਨ ਤੋਂ ਆਪਣੇ ਰੱਖਿਆ/ਜਲ ਸੈਨਾ/ਹਵਾਈ ਸਲਾਹਕਾਰਾਂ ਨੂੰ ਵਾਪਸ ਬੁਲਾਉਣ ਦਾ ਵੀ ਫ਼ੈਸਲਾ ਕੀਤਾ ਹੈ। ਸੀਪੀਐੱਸ ਨੇ ਫ਼ੈਸਲਾ ਕੀਤਾ, “ਪਾਕਿਸਤਾਨੀ ਨਾਗਰਿਕਾਂ ਨੂੰ ਸਾਰਕ ਵੀਜ਼ਾ ਛੋਟ ਯੋਜਨਾ ਤਹਿਤ ਭਾਰਤ ਦੀ ਯਾਤਰਾ ਕਰਨ ਦੀ ਇਜਾਜ਼ਤ ਨਹੀਂ ਹੋਵੇਗੀ। ਪਹਿਲਾਂ ਪਾਕਿਸਤਾਨੀ ਨਾਗਰਿਕਾਂ ਨੂੰ ਜਾਰੀ ਕੀਤੇ ਗਏ ਕਿਸੇ ਵੀ ਵੀਜ਼ੇ ਨੂੰ ਰੱਦ ਮੰਨਿਆ ਜਾਵੇਗਾ। ਵੀਜ਼ਾ ਅਧੀਨ ਭਾਰਤ ਵਿੱਚ ਮੌਜੂਦ ਕਿਸੇ ਵੀ ਪਾਕਿਸਤਾਨੀ ਨਾਗਰਿਕ ਕੋਲ ਭਾਰਤ ਛੱਡਣ ਲਈ 48 ਘੰਟੇ ਹੁੰਦੇ ਹਨ।”



ਮੀਟਿੰਗ ਵਿੱਚ ਪ੍ਰਧਾਨ ਮੰਤਰੀ ਤੋਂ ਇਲਾਵਾ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ, ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਸੀਨੀਅਰ ਨੌਕਰਸ਼ਾਹ ਮੌਜੂਦ ਸਨ।

ਸ਼ਾਹ ਨੇ ਪ੍ਰਧਾਨ ਮੰਤਰੀ ਨੂੰ ਹਮਲੇ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਤੋਂ ਬਾਅਦ ਚੁੱਕੇ ਜਾਣ ਵਾਲੇ ਕਦਮਾਂ ’ਤੇ ਚਰਚਾ ਕੀਤੀ।

ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਾਮਨ, ਜੋ ਸੀਸੀਐੱਸ ਦਾ ਹਿੱਸਾ ਹਨ, ਮੀਟਿੰਗ ਵਿੱਚ ਸ਼ਾਮਲ ਨਹੀਂ ਹੋ ਸਕੇ ਕਿਉਂਕਿ ਉਹ ਅਤਿਵਾਦੀ ਹਮਲੇ ਮਗਰੋਂ ਆਪਣੇ ਸਰਕਾਰੀ ਦੌਰਾ ਵਿਚਾਲੇ ਛੱਡ ਕੇ ਅਮਰੀਕਾ ਤੋਂ ਵਾਪਸ ਆ ਰਹੇ ਹਨ।

ਮੀਟਿੰਗ ਵਿੱਚ ਕੈਬਨਿਟ ਸਕੱਤਰ ਟੀਵੀ ਸੋਮਨਾਥਨ, ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ, ਵਿਦੇਸ਼ ਸਕੱਤਰ ਵਿਕਰਮ ਮਿਸਰੀ ਸਣੇ ਪ੍ਰਧਾਨ ਮੰਤਰੀ ਦੇ ਦੋਵੇਂ ਪ੍ਰਿੰਸੀਪਲ ਸਕੱਤਰ ਪੀਕੇ ਮਿਸ਼ਰਾ ਅਤੇ ਸ਼ਕਤੀਕਾਂਤਾ ਦਾਸ ਹਾਜ਼ਰ ਸਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਸਵੇਰੇ ਹੀ ਆਪਣਾ ਵਿਦੇਸ਼ ਦੌਰਾ ਵਿਚਾਲੇ ਛੱਡ ਕੇ ਸਾਊਦੀ ਅਰਬ ਤੋਂ ਪਰਤੇ ਹਨ। ਪ੍ਰਧਾਨ ਮੰਤਰੀ ਨੇ ਵਿਦੇਸ਼ ਦੌਰੇ ਤੋਂ ਪਰਤਦਿਆਂ ਹੀ ਹਵਾਈ ਅੱਡੇ ’ਤੇ ਇੱਕ ਮੀਟਿੰਗ ਕੀਤੀ, ਜਿੱਥੇ ਉਨ੍ਹਾਂ ਜੈਸ਼ੰਕਰ ਅਤੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨਾਲ ਜੰਮੂ ਕਸ਼ਮੀਰ ਅਤਿਵਾਦੀ ਹਮਲੇ ਬਾਰੇ ਚਰਚਾ ਕੀਤੀ। ਵਿਦੇਸ਼ ਸਕੱਤਰ ਵਿਕਰਮ ਮਿਸਤਰੀ ਵੀ ਮੀਟਿੰਗ ਦਾ ਹਿੱਸਾ ਸਨ।

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੈਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
416 938 4598



# ਪਾਕਿਸਤਾਨ ਦੇ ਰੱਖਿਆ ਮੰਤਰੀ ਦਾ ਬਿਆਨ: ਪਾਕਿਸਤਾਨ ਦਾ ਪਹਿਲਗਾਮ ਅਤਿਵਾਦੀ ਹਮਲੇ ਨਾਲ ਕੋਈ ਸੰਬੰਧ ਨਹੀਂ



ਨਵੀਂ ਦਿੱਲੀ, 23 ਅਪ੍ਰੈਲ (ਪੋਸਟ ਬਿਊਰੋ): ਪਾਕਿਸਤਾਨ ਨੇ ਜੰਮੂ ਕਸ਼ਮੀਰ ਦੇ ਪਹਿਲਗਾਮ ਅੱਤਵਾਦੀ ਹਮਲੇ 'ਤੇ ਆਪਣੀ ਪਹਿਲੀ ਪ੍ਰਤੀਕਿਰਿਆ ਵਿਚ ਦਾਅਵਾ ਕੀਤਾ ਹੈ ਕਿ ਉਸਦਾ ਇਸ ਘਟਨਾ ਨਾਲ ਕੋਈ ਸੰਬੰਧ ਨਹੀਂ ਹੈ, ਨਾਲ ਹੀ ਇਹ ਵੀ ਕਿਹਾ ਕਿ ਦੇਸ਼ "ਆਪਣੇ ਹਰ ਰੂਪ ਵਿਚ ਅੱਤਵਾਦ ਨੂੰ ਰੱਦ ਕਰਦਾ ਹੈ। ਇੱਕ ਬਿਆਨ ਵਿੱਚ ਪਾਕਿਸਤਾਨ ਦੇ ਰੱਖਿਆ ਮੰਤਰੀ ਖਵਾਜਾ ਆਸਿਫ ਨੇ ਕਿਹਾ ਕਿ ਪਾਕਿਸਤਾਨ ਦਾ ਪਹਿਲਗਾਮ ਅੱਤਵਾਦੀ ਹਮਲੇ ਨਾਲ ਕੋਈ ਸਬੰਧ ਨਹੀਂ ਹੈ।

ਉਨ੍ਹਾਂ ਕਿਹਾ ਕਿ ਭਾਰਤ ਵਿਚ ਕੇਂਦਰ ਸਰਕਾਰ ਨੂੰ ਨਾਗਾਲੈਂਡ, ਮਨੀਪੁਰ, ਕਸ਼ਮੀਰ ਅਤੇ ਛੱਤੀਸਗੜ੍ਹ ਸਮੇਤ ਕਈ ਰਾਜਾਂ ਵਿੱਚ ਵਿਰੋਧ ਪ੍ਰਦਰਸ਼ਨਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹ ਘਰੇਲੂ ਪੱਧਰ 'ਤੇ ਪੈਦਾ ਹੋਇਆ ਹੈ ਕਿਉਂਕਿ ਸਰਕਾਰ ਬਹੁਤ ਸਾਰੇ ਲੋਕਾਂ ਦਾ ਸ਼ੋਸ਼ਣ ਕਰ ਰਹੀ ਹੈ। ਅਸੀਂ ਕਿਸੇ ਵੀ ਰੂਪ ਵਿਚ ਅੱਤਵਾਦ ਦਾ ਸਮਰਥਨ ਨਹੀਂ ਕਰਦੇ ਅਤੇ ਸਥਾਨਕ ਲੋਕ ਅੱਤਵਾਦੀਆਂ ਦਾ ਨਿਸ਼ਾਨਾ ਨਹੀਂ ਹੋਣੇ ਚਾਹੀਦੇ।

ਆਸਿਫ ਨੇ ਕਿਹਾ ਕਿ ਹਾਲਾਂਕਿ, ਜੇਕਰ ਸਥਾਨਕ ਤਾਕਤਾਂ ਭਾਰਤ ਸਰਕਾਰ ਨੂੰ ਨਿਸ਼ਾਨਾ ਬਣਾ ਰਹੀਆਂ ਹਨ ਤਾਂ ਪਾਕਿਸਤਾਨ ਨੂੰ ਨਿਸ਼ਾਨਾ ਬਣਾਉਣਾ ਆਸਾਨ ਹੋ ਜਾਂਦਾ ਹੈ। ਇਹ ਬਿਆਨ ਦੱਖਣੀ ਕਸ਼ਮੀਰ ਦੇ ਅਨੰਤਨਾਗ ਜ਼ਿਲ੍ਹੇ ਦੇ ਪਹਿਲਗਾਮ ਵਿਚ ਹੋਏ ਅੱਤਵਾਦੀ ਹਮਲੇ ਤੋਂ 24 ਘੰਟਿਆਂ ਤੋਂ ਵੀ ਘੱਟ ਸਮੇਂ ਬਾਅਦ ਆਇਆ ਹੈ।

# ਲੌਂਗੂਇਲ ਪੁਲਿਸ ਅਧਿਕਾਰੀ ਅਤੇ ਹੋਰ ਡਰਾਈਵਰਾਂ ਮਾਲ ਰੋਡ ਰੇਜ ਮਾਮਲੇ ਵਿੱਚ ਮੁਲਜ਼ਮ 'ਤੇ ਦੋਸ਼ ਤੈਅ



ਮਾਂਟਰੀਅਲ, 23 ਅਪ੍ਰੈਲ (ਪੋਸਟ ਬਿਊਰੋ) : ਮਾਂਟਰੀਅਲ ਦੇ ਸਾਊਥ ਸ਼ੋਰ 'ਤੇ ਹੋਈ ਇੱਕ ਰੋਡ ਰੇਜ ਘਟਨਾ ਵਿੱਚ ਪੁਲਿਸ ਵੱਲੋਂ 26 ਸਾਲਾ ਜੋਨਾਥਨ ਸੇਰੋ 'ਤੇ ਦੋਸ਼ ਲਾਇਆ ਗਿਆ ਹੈ। ਘਟਨਾ ਵਿਚ ਇਕ ਅਧਿਕਾਰੀ ਨੂੰ ਇੱਕ ਵਾਹਨ ਨਾਲ ਘੜੀਸਿਆ ਗਿਆ ਸੀ। ਸ਼ੱਕੀ ਸੋਮਵਾਰ ਦੁਪਹਿਰ ਨੂੰ ਬ੍ਰੋਸਾਰਡ ਵਿੱਚ ਦੋ ਭਰਾਵਾਂ ਨਾਲ ਇੱਕ ਮਾਮੂਲੀ ਤਕਰਾਰ ਵਿੱਚ ਸ਼ਾਮਲ ਸੀ। ਸ਼ੱਕੀ ਕਥਿਤ ਤੌਰ 'ਤੇ ਆਪਣੀ ਗੱਡੀ ਤੋਂ ਬਾਹਰ ਨਿਕਲਿਆ ਅਤੇ ਦੂਜੇ ਵਾਹਨ ਦੀ ਵਿੰਡਸ਼ੀਲਡ ਨੂੰ ਲੋਹੇ ਦੀ ਬਾਰ ਨਾਲ ਮਾਰਨਾ ਸ਼ੁਰੂ ਕਰ ਦਿੱਤਾ, ਜਿਸ ਨਾਲ ਕਾਫ਼ੀ ਨੁਕਸਾਨ ਹੋਇਆ, ਜਿਸ ਤੋਂ ਬਾਅਦ ਉਸ ਨੇ ਦੋ ਵਿਅਕਤੀਆਂ 'ਤੇ ਹਮਲਾ ਕਰ ਦਿੱਤਾ। ਇੱਕ ਮਹਿਲਾ ਪੁਲਸ ਅਧਿਕਾਰੀ ਸ਼ੱਕੀ ਤੋਂ ਪੁੱਛਗਿੱਛ ਕਰਨ ਲਈ ਘਟਨਾ ਸਥਾਨ 'ਤੇ ਗਈ ਜਦੋਂ ਮੁਲਜ਼ਮ ਨੇ ਕਥਿਤ ਤੌਰ 'ਤੇ ਗ੍ਰੈਂਡ ਐਲੀ ਦੇ ਚੌਰਾਹੇ ਦੇ ਨੇੜੇ ਔਟੁਇਲ ਐਵੇਨਿਊ ਤੋਂ ਅਧਿਕਾਰੀ ਨੂੰ ਆਪਣੀ ਗੱਡੀ ਸਮੇਤ ਘੜੀਸ ਲਿਆ।

ਗਵਾਹ, ਕੈਰੀ ਬਰਟਨ, ਔਟੁਇਲ ਐਵੇਨਿਊ 'ਤੇ ਆਪਣੀ ਜੀਪ ਚਲਾ ਰਹੀ ਸੀ। ਉਸ ਨੇ ਸੋਮਵਾਰ ਨੂੰ ਦੱਸਿਆ ਕਿ ਉਸਨੇ ਸ਼ੱਕੀ ਦੀ ਕਾਰ ਨੂੰ ਦੂਰੀ 'ਤੇ ਦੇਖਿਆ ਅਤੇ ਕਿਸੇ ਦੀਆਂ ਲੱਤਾਂ ਖੁੱਲ੍ਹੇ ਡਰਾਈਵਰ ਸਾਈਡ ਦਰਵਾਜ਼ੇ ਤੋਂ ਲਟਕ ਰਹੀਆਂ ਸਨ। ਬਰਟਨ ਨੇ ਕਿਹਾ ਕਿ ਉਸਨੇ ਸ਼ੱਕੀ ਨੂੰ ਰੋਕਣ ਲਈ ਉਸਦੀ ਕਾਰ ਦੇ ਰਸਤੇ ਵਿੱਚ ਆਪਣੀ ਗੱਡੀ ਘੁਮਾ ਦਿੱਤੀ। ਇਸ ਤੋ ਬਾਅਦ ਮੁਲਜ਼ਮ ਦੀ ਕਾਰ ਗਲੀ ਦੇ ਵਿਚਕਾਰ ਘੁੰਮ ਗਈ ਅਤੇ ਮਹਿਲਾ ਅਧਿਕਾਰੀ ਕਾਰ 'ਚੋਂ ਬਾਹਰ ਡਿੱਗ ਗਈ। ਮੁਲਜ਼ਮ ਨੂੰ ਉੱਥੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਿਸ ਅਧਿਕਾਰੀ ਨੂੰ ਮਾਮੂਲੀ ਸੱਟਾਂ ਲੱਗੀਆਂ।

ਮੁਲਜ਼ਮ ਜੋਨਾਥਨ ਸੇਰੋ 'ਤੇ ਹਥਿਆਰ ਨਾਲ ਹਮਲਾ ਕਰਨ, ਅਧਿਕਾਰੀ 'ਤੇ ਹਥਿਆਰ ਨਾਲ ਹਮਲਾ ਕਰਨ, ਅਧਿਕਾਰੀ ਨੂੰ ਸਰੀਰਕ ਨੁਕਸਾਨ ਪਹੁੰਚਾਉਣ, ਵਾਹਨ ਖ਼ਤਰਨਾਕ ਤਰੀਕੇ ਨਾਲ ਚਲਾਉਣ ਅਤੇ ਹਾਦਸੇ ਤੋਂ ਬਾਅਦ ਨਾ ਰੁਕਣ ਦੇ ਦੋ ਦੋਸ਼ ਲਾਏ ਗਏ ਹਨ। ਉਹ ਬੁੱਧਵਾਰ ਨੂੰ ਲੌਂਗੂਇਲ ਅਦਾਲਤ ਵਿੱਚ ਜ਼ਮਾਨਤ ਦੀ ਸੁਣਵਾਈ ਤੱਕ ਹਿਰਾਸਤ ਵਿੱਚ ਹੈ।

# ਪੁਲਵਾਮਾ ਤੋਂ ਬਾਅਦ ਪਹਿਲਗਾਮ ਵਿੱਚ ਸਭ ਤੋਂ ਵੱਡਾ ਅੱਤਵਾਦੀ ਹਮਲਾ, ਅਮਿਤ ਸ਼ਾਹ ਨੇ ਮ੍ਰਿਤਕਾਂ ਨੂੰ ਦਿੱਤੀ ਸ਼ਰਧਾਂਜਲੀ ਦਿੱਤੀ

## ਲਸ਼ਕਰ-ਏ-ਤੋਇਬਾ ਨੇ ਹਮਲੇ ਦੀ ਲਈ ਜ਼ਿੰਮੇਵਾਰੀ



ਸ੍ਰੀਨਗਰ, 23 ਅਪ੍ਰੈਲ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਮੰਗਲਵਾਰ ਦੁਪਹਿਰ ਸਮੇਂ ਹੋਏ ਅੱਤਵਾਦੀ ਹਮਲੇ ਵਿੱਚ 27 ਲੋਕ ਮਾਰੇ ਗਏ। ਮੰਗਲਵਾਰ ਦੁਪਹਿਰ 2:45 ਵਜੇ ਪਹਿਲਗਾਮ ਦੀ ਬੈਸਰਨ ਘਾਟੀ ਵਿੱਚ ਹੋਏ ਇਸ ਹਮਲੇ ਵਿੱਚ 20 ਤੋਂ ਵੱਧ ਲੋਕ ਜ਼ਖਮੀ ਹੋ ਗਏ।

ਲਸ਼ਕਰ-ਏ-ਤੋਇਬਾ ਦੇ ਵਿੰਗ ਦ ਰੇਸਿਸਟੈਂਸ ਫਰੰਟ (ਟੀਆਰਐੱਫ) ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਗੋਲੀਬਾਰੀ ਤੋਂ ਬਾਅਦ ਅੱਤਵਾਦੀ ਭੱਜ ਗਏ। ਖੁਫੀਆ ਸੂਤਰਾਂ ਨੇ ਦੱਸਿਆ ਕਿ ਪਹਿਲਗਾਮ ਹਮਲੇ ਵਿੱਚ ਦੋ ਵਿਦੇਸ਼ੀ ਅੱਤਵਾਦੀ ਅਤੇ ਦੋ ਸਥਾਨਕ ਅੱਤਵਾਦੀ ਸ਼ਾਮਿਲ ਸਨ। ਇਸ ਦੌਰਾਨ, ਫੌਜ ਨੇ ਉੜੀ ਵਿੱਚ ਘੁਸਪੈਠ ਕਰਨ ਦੀ ਕੋਸ਼ਿਸ਼ ਕਰ ਰਹੇ ਦੋ ਅੱਤਵਾਦੀਆਂ ਨੂੰ ਮਾਰ ਦਿੱਤਾ ਹੈ।

ਮੀਡੀਆ ਰਿਪੋਰਟਾਂ ਅਨੁਸਾਰ ਸੈਲਾਨੀਆਂ ਨੂੰ ਗੋਲੀ ਮਾਰਨ ਤੋਂ ਪਹਿਲਾਂ, ਅੱਤਵਾਦੀਆਂ ਨੇ ਉਨ੍ਹਾਂ ਦੇ ਨਾਮ ਪੁੱਛੇ ਅਤੇ ਉਨ੍ਹਾਂ ਤੋਂ ਕਲਮਾ ਵੀ ਪੜ੍ਹਵਾਇਆ। ਮ੍ਰਿਤਕਾਂ ਵਿੱਚ ਯੂਪੀ, ਗੁਜਰਾਤ, ਮਹਾਰਾਸ਼ਟਰ, ਕਰਨਾਟਕ, ਤਾਮਿਲਨਾਡੂ ਅਤੇ ਓੜੀਸ਼ਾ ਦੇ ਸੈਲਾਨੀ ਸ਼ਾਮਿਲ ਹਨ। ਨੇਪਾਲ ਅਤੇ ਯੂਏਈ ਦੇ ਇੱਕ-ਇੱਕ ਸੈਲਾਨੀ ਅਤੇ ਦੋ ਸਥਾਨਕ ਲੋਕਾਂ ਦੀ ਵੀ ਮੌਤ ਹੋ ਗਈ।

ਹਮਲੇ ਤੋਂ ਬਾਅਦ ਦੇਸ਼ ਦੇ ਹੋਰ ਸ਼ਹਿਰਾਂ ਵਿੱਚ ਹਾਈ ਅਲਰਟ ਜਾਰੀ ਕਰ ਦਿੱਤਾ ਗਿਆ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸ੍ਰੀਨਗਰ ਵਿੱਚ ਪਹਿਲਗਾਮ ਹਮਲੇ ਵਿੱਚ ਮਾਰੇ ਗਏ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬੁੱਧਵਾਰ ਸਵੇਰੇ ਸਾਊਦੀ ਅਰਬ ਦੇ ਆਪਣੇ ਦੋ ਦਿਨਾਂ ਦੌਰੇ ਨੂੰ ਛੱਡ ਕੇ ਭਾਰਤ ਵਾਪਿਸ ਪਰਤ ਆਏ ਹਨ।

14 ਫਰਵਰੀ 2019 ਨੂੰ ਪੁਲਵਾਮਾ ਹਮਲੇ ਤੋਂ ਬਾਅਦ ਇਹ ਜੰਮੂ-ਕਸ਼ਮੀਰ ਵਿੱਚ ਸਭ ਤੋਂ ਵੱਡਾ ਹਮਲਾ ਹੈ। ਪੁਲਵਾਮਾ ਵਿੱਚ ਸੀਆਰਪੀਐੱਫ ਦੇ ਕਾਫਲੇ 'ਤੇ ਆਤਮਘਾਤੀ ਹਮਲਾ ਹੋਇਆ ਸੀ, ਜਿਸ ਵਿੱਚ 40 ਜਵਾਨ ਸ਼ਹੀਦ ਹੋ ਗਏ ਸਨ। ਜੈਸ਼-ਏ-ਮੁਹੰਮਦ ਨੇ ਇਸਦੀ ਜ਼ਿੰਮੇਵਾਰੀ ਲਈ ਸੀ।

# ਪਹਿਲਗਾਮ ਵਿੱਚ ਸੈਲਾਨੀਆਂ 'ਤੇ ਹਮਲਾ: ਹਨੀਮੂਨ 'ਤੇ ਗਏ ਇੱਕ ਨੌਜਵਾਨ ਦਾ ਧਰਮ ਪੁੱਛਕੇ ਸਿਰ ਵਿੱਚ ਮਾਰੀ ਗੋਲੀ

## ਹਮਲੇ ਵਿੱਚ ਬਿਹਾਰ ਆਈਬੀ ਅਧਿਕਾਰੀ ਦੀ ਵੀ ਮੌਤ



ਸ੍ਰੀਨਗਰ, 23 ਅਪ੍ਰੈਲ (ਪੋਸਟ ਬਿਊਰੋ): ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਮੰਗਲਵਾਰ ਦੁਪਹਿਰ ਨੂੰ ਹੋਏ ਅੱਤਵਾਦੀ ਹਮਲੇ ਵਿੱਚ ਦੋ ਵਿਦੇਸ਼ੀ ਸੈਲਾਨੀਆਂ ਸਮੇਤ 27 ਲੋਕ ਮਾਰੇ ਗਏ। ਇਹ ਘਟਨਾ ਬੈਸਰਨ ਘਾਟੀ ਵਿੱਚ ਵਾਪਰੀ। ਇਹ ਪਹਿਲਗਾਮ ਸ਼ਹਿਰ ਤੋਂ 6 ਕਿਲੋਮੀਟਰ ਦੂਰ ਹੈ। ਮੀਡੀਆ ਰਿਪੋਰਟਾਂ ਅਨੁਸਾਰ, ਅੱਤਵਾਦੀਆਂ ਨੇ ਪਹਿਲਾਂ ਹਨੀਮੂਨ 'ਤੇ ਗਏ ਜੋੜੇ ਤੋਂ ਨੌਜਵਾਨ ਦਾ ਨਾਮ ਪੁੱਛਿਆ ਅਤੇ ਫਿਰ ਉਸਨੂੰ ਗੋਲੀ ਮਾਰ ਦਿੱਤੀ। ਇਹ ਦੇਖ ਕੇ ਨੌਜਵਾਨ ਦੀ ਪਤਨੀ ਬੇਹੋਸ਼ ਹੋ ਗਈ। ਜਦੋਂਕਿ ਅੱਤਵਾਦੀ ਗੋਲੀਬਾਰੀ ਕਰਦੇ ਹੋਏ ਫਰਾਰ ਹੋ ਗਏ।

ਲਸ਼ਕਰ-ਏ-ਤੋਇਬਾ ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਮ੍ਰਿਤਕਾਂ ਵਿੱਚ ਇੱਕ ਇਤਾਲਵੀ ਅਤੇ ਇੱਕ ਇਜ਼ਰਾਈਲੀ ਸੈਲਾਨੀ ਸ਼ਾਮਿਲ ਸਨ, ਜਦੋਂਕਿ ਦੋ ਸਥਾਨਕ ਨਾਗਰਿਕ ਸਨ। ਬਾਕੀ ਸੈਲਾਨੀ ਗੁਜਰਾਤ, ਮਹਾਰਾਸ਼ਟਰ, ਕਰਨਾਟਕ, ਤਾਮਿਲਨਾਡੂ ਅਤੇ ਓੜੀਸਾ ਤੋਂ ਹਨ।

ਇਹ ਘਟਨਾ ਮੰਗਲਵਾਰ ਦੁਪਹਿਰ 2:45 ਵਜੇ ਬੈਸਰਨ ਵੈਲੀ ਇਲਾਕੇ ਵਿੱਚ ਵਾਪਰੀ। ਅੱਤਵਾਦੀਆਂ ਨੇ ਯੂਪੀ ਦੇ ਸ਼ੁਭਮ ਦਿਵੇਦੀ ਤੋਂ ਉਸਦਾ ਨਾਮ ਪੁੱਛਿਆ ਅਤੇ ਫਿਰ ਉਸਦੇ ਸਿਰ ਵਿੱਚ ਗੋਲੀ ਮਾਰ ਦਿੱਤੀ।

ਇਸ ਹਮਲੇ ਵਿੱਚ ਬਿਹਾਰ ਦੇ ਰਹਿਣ ਵਾਲੇ ਮਨੀਸ਼ ਰੰਜਨ ਦੀ ਮੌਤ ਹੋ ਗਈ ਹੈ। ਰੰਜਨ ਪਿਛਲੇ 2 ਸਾਲਾਂ ਤੋਂ ਆਈਬੀ ਦੇ ਹੈਦਰਾਬਾਦ ਦਫ਼ਤਰ ਵਿੱਚ ਸੈਕਸ਼ਨ ਅਫ਼ਸਰ ਵਜੋਂ ਤਾਇਨਾਤ ਸੀ।

ਮਨੀਸ਼ ਰੰਜਨ ਨੂੰ ਉਸਦੀ ਪਤਨੀ ਅਤੇ 2 ਬੱਚਿਆਂ ਦੇ ਸਾਹਮਣੇ ਗੋਲੀ ਮਾਰ ਦਿੱਤੀ ਗਈ। ਰੰਜਨ ਦੀ ਪਤਨੀ ਆਸ਼ਾ ਦੇਵੀ ਅਤੇ ਬੱਚੇ ਸੁਰੱਖਿਅਤ ਹਨ।

ਉਹ ਆਪਣੀ ਪਤਨੀ ਅਤੇ ਬੱਚਿਆਂ ਨਾਲ ਛੁੱਟੀਆਂ ਮਨਾਉਣ ਕਸ਼ਮੀਰ ਗਏ ਸਨ। ਮਨੀਸ਼ ਰੋਹਤਾਸ ਦੇ ਕਾਰਗਾਹਰ ਥਾਣਾ ਖੇਤਰ ਦੇ ਅਰੂਹੀ ਪਿੰਡ ਦਾ ਰਹਿਣ ਵਾਲਾ ਸੀ। ਉਸਦਾ ਸਾਸਾਰਾਮ ਸ਼ਹਿਰ ਦੇ ਗੌਰਕਸ਼ਿਨੀ ਇਲਾਕੇ ਵਿੱਚ ਆਪਣਾ ਜੱਦੀ ਘਰ ਵੀ ਹੈ।

ਮੀਡੀਆ ਰਿਪੋਰਟਾਂ ਅਨੁਸਾਰ, ਗੋਲੀਆਂ ਦੀ ਆਵਾਜ਼ ਸੁਣਨ ਤੋਂ ਬਾਅਦ, ਮਨੀਸ਼ ਨੇ ਆਪਣੀ ਪਤਨੀ ਅਤੇ ਬੱਚਿਆਂ ਨੂੰ ਕਿਸੇ ਹੋਰ ਦਿਸ਼ਾ ਵਿੱਚ ਭੱਜਣ ਲਈ ਕਿਹਾ। ਇਸ ਸਮੇਂ ਦੌਰਾਨ, ਉਹ ਆਪਣੇ ਪਰਿਵਾਰ ਤੋਂ ਵੱਖ ਹੋ ਗਿਆ। ਅੱਤਵਾਦੀਆਂ ਨੇ ਉਸਨੂੰ ਗੋਲੀ ਮਾਰ ਦਿੱਤੀ।

# ਦੱਖਣ-ਪੱਛਮੀ ਸਕਾਰਬਰੋ ਵਿੱਚ ਵਿਅਕਤੀ 'ਤੇ ਹਮਲਾ ਕਰਨ ਵਾਲੇ ਦੀ ਭਾਲ 'ਚ ਪੁਲਿਸ



ਟੋਰਾਂਟੋ, 23 ਅਪ੍ਰੈਲ (ਪੋਸਟ ਬਿਊਰੋ): ਟੋਰਾਂਟੋ ਪੁਲਿਸ ਵੀਕੈਂਡ 'ਤੇ ਦੱਖਣ-ਪੱਛਮੀ ਸਕਾਰਬਰੋ ਵਿੱਚ ਇੱਕ ਵਿਅਕਤੀ 'ਤੇ ਹਮਲਾ ਕਰਨ ਵਾਲੇ ਅਣਪਛਾਤੇ ਦੀ ਭਾਲ ਕਰ ਰਹੀ ਹੈ। ਘਟਨਾ 19 ਅਪ੍ਰੈਲ ਨੂੰ ਡੈਨਫੋਰਥ ਅਤੇ ਵਿਕਟੋਰੀਆ ਪਾਰਕ ਐਵੇਨਿਊ ਦੇ ਨੇੜੇ ਵਾਪਰੀ। ਜਾਂਚਕਰਤਾਵਾਂ ਦਾ ਦੋਸ਼ ਹੈ ਕਿ ਹਮਲਾਵਰ ਇੱਕ ਵਿਅਕਤੀ ਕੋਲ ਆਇਆ ਅਤੇ ਉਸ ਨਾਲ ਗੱਲ ਕਰਨੀ ਸ਼ੁਰੂ ਕਰ ਦਿੱਤੀ। ਫਿਰ ਹਮਲਾਵਰ ਨੇ ਉਸ 'ਤੇ ਹਮਲਾ ਕੀਤਾ ਤੇ ਡੈਨਫੋਰਥ ਦੇ ਪੂਰਬ ਵੱਲ ਭੱਜ ਗਿਆ। ਪੀੜਤ ਨੂੰ ਜਾਨਲੇਵਾ ਸੱਟਾਂ ਨਹੀਂ ਲੱਗੀਆਂ।

ਪੁਲਸ ਨੇ ਸ਼ੱਕੀ ਬਾਰੇ ਦੱਸਿਆਂ ਕਿ ਉਹ ਕਰੀਬ 25 ਸਾਲ ਦਾ ਹੈ, ਛੇ ਫੁੱਟ ਲੰਬਾ, ਭੂਰੇ ਵਾਲ ਹਨ ਤੇ ਪੋਨੀਟੇਲ ਕੀਤੀ ਹੋਈ ਹੈ, ਚਿਹਰੇ 'ਤੇ ਵੀ ਵਾਲ ਹਨ ਅਤੇ ਉਸਦੀ ਸੱਜੀ ਅੱਖ ਦੇ ਹੇਠਾਂ ਤੇ ਦੋਵੇਂ ਹੱਥਾਂ 'ਤੇ ਇੱਕ ਟੈਟੂ ਹੈ। ਜਾਣਕਾਰੀ ਰੱਖਣ ਵਾਲਾ ਕੋਈ ਵੀ ਵਿਅਕਤੀ ਪੁਲਿਸ ਨਾਲ 416-808-5500 'ਤੇ ਸੰਪਰਕ ਕਰ ਸਕਦਾ ਹੈ।

# ਪੁਲਿਸ ਨੇ ਓਸ਼ਵਾ ਵਿੱਚ ਜਿਨਸੀ ਹਮਲੇ ਦੇ ਮੁਲਜ਼ਮ ਦੀ ਫੋਟੋ ਸਾਂਝੀ ਕੀਤੀ



ਦਰਹਮ, 23 ਅਪ੍ਰੈਲ (ਪੋਸਟ ਬਿਊਰੋ) : ਡਰਹਮ ਪੁਲਿਸ ਓਸ਼ਵਾ ਨੇ ਜਿਨਸੀ ਹਮਲੇ ਦੇ ਮੁਲਜ਼ਮ ਦੀ ਤਸਵੀਰ ਸਾਂਝੀ ਕੀਤੀ ਹੈ। ਪੁਲਿਸ ਦਾ ਕਹਿਣਾ ਹੈ ਕਿ ਅਧਿਕਾਰੀਆਂ ਨੂੰ ਸੋਮਵਾਰ ਨੂੰ ਬਲੂਰ ਸਟਰੀਟ ਈਸਟ ਦੇ ਨੇੜੇ ਡੀਨ ਐਵੇਨਿਊ ਅਤੇ ਸੇਡਾਨ ਕ੍ਰੈਸੈਂਟ ਦੇ ਖੇਤਰ ਵਿੱਚ ਜਿਨਸੀ ਹਮਲੇ ਬਾਰੇ ਸੂਚਨਾ ਮਿਲੀ ਸੀ। ਉਨ੍ਹਾਂ ਦਾ ਕਹਿਣਾ ਹੈ ਕਿ ਇੱਕ ਵਿਅਕਤੀ ਨੇ ਗਲੀ 'ਚ ਜਾ ਰਹੀ ਔਰਤ ਨਾਲ ਛੇੜਛਾੜ ਕਰਕੇ ਭੱਜ ਗਿਆ ਸੀ।

ਪੀੜਤਾ ਨੇ ਪੁਲਿਸ ਨੂੰ ਸ਼ੱਕੀ ਅਤੇ ਉਸਦੀ ਗੱਡੀ, ਇੱਕ ਸਿਲਵਰ ਨਿਸਾਨ ਰੋਗ, ਦਾ ਵੇਰਵਾ ਦਿੱਤਾ ਅਤੇ ਪੁਲਿਸ ਨੇ ਮੁਲਜ਼ਮ ਨੂੰ ਉਸੇ ਦਿਨ ਹਾਰਮਨੀ ਅਤੇ ਰੋਸਲੈਂਡ ਰੋਡਜ਼ ਖੇਤਰ ਵਿੱਚ ਇੱਕ ਤੋਂ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮ ਦੀ ਪਛਾਣ ਓਸ਼ਾਵਾ ਦੇ 25 ਸਾਲਾ ਐਂਡਰਿਊ ਪਿਨੇਡਾ ਮੇਨ ਦਗ ਤੌਰ 'ਤੇ ਹੋਈ ਹੈ। ਉਸ 'ਤੇ ਜਿਨਸੀ ਹਮਲੇ, ਪ੍ਰੋਬੇਸ਼ਨ ਆਰਡਰ ਦੀ ਪਾਲਣਾ ਨਾ ਕਰਨ ਅਤੇ ਅਦਾਲਤ ਦੇ ਹੁਕਮ ਦੀ ਉਲੰਘਣਾ ਕਰਨ ਦੇ ਦੋਸ਼ ਲੱਗੇ ਹਨ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

## ਰਾਜਨਾਥ ਸਿੰਘ ਨੇ ਕਿਹਾ: ਦਹਿਸ਼ਤੀ ਹਮਲੇ ਦੇ ਸਜ਼ਿਸ਼ ਰਚਨ ਵਾਲਿਆਂ ਨੂੰ ਮੂੰਹ ਤੋੜ ਜਵਾਬ ਦੇਵਾਂਗੇ

ਨਵੀਂ ਦਿੱਲੀ, 23 ਅਪ੍ਰੈਲ (ਪੋਸਟ ਬਿਊਰੋ): ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਹੈ ਕਿ ਕਸ਼ਮੀਰ ਦੇ ਪਹਿਲਗਾਮ ਦਹਿਸ਼ਤੀ ਹਮਲੇ ਦੇ ਸਾਜ਼ਿਸ਼ਘਾੜਿਆਂ ਨੂੰ ਨੇੜਲੇ ਭਵਿੱਖ 'ਚ ਮੂੰਹ-ਤੋੜ ਜਵਾਬ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹੀਆਂ ਦਹਿਸ਼ਤੀ ਕਾਰਵਾਈਆਂ ਨਾਲ ਭਾਰਤ ਨੂੰ ਡਰਾਇਆ ਨਹੀਂ ਜਾ ਸਕਦਾ ਹੈ।

ਰੱਖਿਆ ਮੰਤਰੀ ਨੇ ਤਿੰਨੋਂ ਫ਼ੌਜਾਂ ਦੇ ਮੁਖੀਆਂ ਅਤੇ ਹੋਰ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਜੰਮੂ ਕਸ਼ਮੀਰ ਦੇ ਹਾਲਾਤ ਦਾ ਜਾਇਜ਼ਾ ਲੈਂਦਿਆਂ ਫੌਜ ਨੂੰ ਤਿਆਰ ਰਹਿਣ ਦੇ ਨਿਰਦੇਸ਼ ਦਿੱਤੇ। ਇੱਥੇ ਇੱਕ ਪ੍ਰੋਗਰਾਮ ਦੌਰਾਨ ਰਾਜਨਾਥ ਸਿੰਘ ਨੇ ਕਿਹਾ, ''ਇਸ ਮੰਚ ਤੋਂ ਮੈਂ ਦੇਸ਼ਵਾਸੀਆਂ ਨੂੰ ਭਰੋਸਾ ਦੇਣਾ ਚਾਹੁੰਦਾ ਹਾਂ ਕਿ ਭਾਰਤ ਸਰਕਾਰ ਹਰੇਕ ਜ਼ਰੂਰੀ ਅਤੇ ਢੁੱਕਵਾਂ ਕਦਮ ਚੁੱਕੇਗੀ। ਅਸੀਂ ਦਹਿਸ਼ਤੀ ਹਮਲੇ ਦੇ ਨਾ ਸਿਰਫ਼ ਸਾਜ਼ਿਸ਼ਘਾੜਿਆਂ ਨੂੰ ਲੱਭਾਂਗੇ ਸਗੋਂ ਪਰਦੇ ਪਿੱਛੇ ਇਸ ਘਟਨਾ ਨੂੰ ਅੰਜਾਮ ਦੇਣ ਵਾਲਿਆਂ ਤੱਕ ਵੀ ਪਹੁੰਚ ਬਣਾਵਾਂਗੇ, ਜਿਨ੍ਹਾਂ ਭਾਰਤ ਦੀ ਧਰਤੀ 'ਤੇ ਹਮਲੇ ਦੀ ਨਾਪਾਕ ਸਾਜ਼ਿਸ਼ ਘੜੀ ਹੈ।''

ਰੱਖਿਆ ਮੰਤਰੀ ਨੇ ਪਹਿਲਗਾਮ ਹਮਲੇ ਨੂੰ ਅਤਿ-ਅਣਮਨੁੱਖੀ ਕਾਰਾ ਕਰਾਰ ਦਿੰਦਿਆਂ ਕਿਹਾ ਕਿ ਅਤਿਵਾਦ ਖ਼ਿਲਾਫ਼ ਭਾਰਤ ਦੀ ਨਾ-ਸਹਿਣਯੋਗ ਨੀਤੀ ਹੈ। ਇਸ ਦੌਰਾਨ ਰੱਖਿਆ ਮੰਤਰੀ ਨੇ ਜੰਮੂ ਕਸ਼ਮੀਰ ਦੇ ਸੁਰੱਖਿਆ ਹਾਲਾਤ ਦੀ ਨਜ਼ਰਸਾਨੀ ਕੀਤੀ।

## ਗਾਜ਼ਾ ਵਿੱਚ ਇਜ਼ਰਾਈਲੀ ਹਮਲੇ ਵਿੱਚ 23 ਲੋਕਾਂ ਦੀ ਮੌਤ



ਦੀਰ ਅਲ-ਬਲਾਹ, 23 ਅਪ੍ਰੈਲ (ਪੋਸਟ ਬਿਊਰੋ): ਗਾਜ਼ਾ ਸ਼ਹਿਰ ਦੇ ਇੱਕ ਸਕੂਲ 'ਤੇ ਰਾਤ ਨੂੰ ਹੋਏ ਇਜ਼ਰਾਈਲੀ ਹਮਲੇ ਵਿੱਚ ਮਰਨ ਵਾਲਿਆਂ ਦੀ ਗਿਣਤੀ 23 ਹੋ ਗਈ ਹੈ। ਅਧਿਕਾਰੀਆਂ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਲੋਕਾਂ ਨੇ ਉਸ ਸਕੂਲ ਵਿੱਚ ਪਨਾਹ ਲਈ ਸੀ ਜਿਸ 'ਤੇ ਇਜ਼ਰਾਈਲ ਨੇ ਹਮਲਾ ਕੀਤਾ ਸੀ।
ਇਸ ਦੌਰਾਨ, ਅਰਬ ਵਿਚੋਲੇ ਹਮਾਸ ਨਾਲ ਜੰਗ ਖਤਮ ਕਰਨ ਦੇ ਪ੍ਰਸਤਾਵ 'ਤੇ ਕੰਮ ਕਰ ਰਹੇ ਹਨ। ਇਸ ਪ੍ਰਸਤਾਵ ਵਿੱਚ ਪੰਜ ਤੋਂ ਸੱਤ ਸਾਲਾਂ ਦੀ ਜੰਗਬੰਦੀ ਅਤੇ ਬਾਕੀ ਸਾਰੇ ਬੰਧਕਾਂ ਦੀ ਰਿਹਾਈ ਸ਼ਾਮਲ ਹੈ।

ਇਸ ਹਮਲੇ 'ਤੇ ਇਜ਼ਰਾਈਲ ਵੱਲੋਂ ਤੁਰੰਤ ਕੋਈ ਟਿੱਪਣੀ ਨਹੀਂ ਕੀਤੀ ਗਈ। ਹਮਲੇ ਵਿੱਚ ਕਈ ਤੰਬੂਆਂ ਨੂੰ ਅੱਗ ਲੱਗ ਗਈ, ਜਿਸ ਨਾਲ ਲੋਕ ਜ਼ੀਂਦਾ ਸੜ ਗਏ। ਫੌਜ ਦਾ ਕਹਿਣਾ ਹੈ ਕਿ ਉਹ ਸਿਰਫ਼ ਅੱਤਵਾਦੀਆਂ ਨੂੰ ਨਿਸ਼ਾਨਾ ਬਣਾਉਂਦੀ ਹੈ ਅਤੇ ਹਮਾਸ ਨਾਗਰਿਕਾਂ ਦੀ ਮੌਤ ਲਈ ਜ਼ੁੰਮੇਵਾਰ ਹੈ ਕਿਉਂਕਿ ਇਸਦੇ ਲੜਾਕੇ ਸੰਘਣੀ ਆਬਾਦੀ ਵਾਲੇ ਇਲਾਕਿਆਂ ਵਿੱਚ ਲੁਕੇ ਹੋਏ ਹਨ।

ਇਸ ਦੌਰਾਨ, ਫਰਾਂਸ, ਜਰਮਨੀ ਅਤੇ ਬ੍ਰਿਟੇਨ ਨੇ ਕਿਹਾ ਕਿ ਇਜ਼ਰਾਈਲ ਵੱਲੋਂ ਗਾਜ਼ਾ ਨੂੰ ਆਉਣ ਵਾਲੇ ਸਾਰੇ ਆਯਾਤ, ਜਿਸ ਵਿੱਚ ਭੋਜਨ ਵੀ ਸ਼ਾਮਲ ਹੈ, 'ਤੇ ਸੱਤ ਹਫ਼ਤਿਆਂ ਦੀ ਨਾਕਾਬੰਦੀ "ਅਸਹਿਣਯੋਗ" ਸੀ। ਫਲਸਤੀਨੀ ਰਾਸ਼ਟਰਪਤੀ ਮਹਿਮੂਦ ਅੱਬਾਸ ਨੇ ਹਮਾਸ ਨੂੰ ਜੰਗ ਜਾਰੀ ਰੱਖਣ ਦੇ "ਇਜ਼ਰਾਈਲ ਦੇ ਬਹਾਨੇ ਨੂੰ ਖਤਮ ਕਰਨ" ਲਈ ਬੰਧਕਾਂ ਨੂੰ ਰਿਹਾਅ ਕਰਨ ਦੀ ਅਪੀਲ ਕੀਤੀ।

# ਭਾਰਤੀ ਜਲ ਸੈਨਾ ਦੇ ਲੈਫਟੀਨੈਂਟ ਵਿਨੈ ਨਰਵਾਲ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



ਨਵੀਂ ਦਿੱਲੀ, 23 ਅਪ੍ਰੈਲ (ਪੋਸਟ ਬਿਊਰੋ): ਪਹਿਲਗਾਮ ਦਹਿਸ਼ਤੀ ਹਮਲੇ ਵਿੱਚ ਮਾਰੇ ਗਏ ਭਾਰਤੀ ਜਲ ਸੈਨਾ ਦੇ ਲੈਫਟੀਨੈਂਟ ਵਿਨੈ ਨਰਵਾਲ (26) ਨੂੰ ਅੱਜ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਗਈ। ਨਰਵਾਲ ਦੀਆਂ ਅੰਤਿਮ ਰਸਮਾਂ ਦੌਰਾਨ ਹਰ ਵਿਅਕਤੀ ਦੀਆਂ ਅੱਖਾਂ ਵਿੱਚ ਹੰਝੂ ਸਨ। ਵਿਨੈ ਅਤੇ ਹਿਮਾਂਸ਼ੀ ਦਾ 16 ਅਪਰੈਲ ਨੂੰ ਹੋਇਆ ਸੀ ਅਤੇ ਦੋਵੇਂ ਹਨੀਮੂਨ ਲਈ ਜੰਮੂ-ਕਸ਼ਮੀਰ ਦੇ ਪਹਿਲਗਾਮ ਗਏ ਸਨ। ਬੀਤੇ ਦਿਨ ਦਹਿਸ਼ਤਗਰਦਾਂ ਨੇ ਹਿਮਾਂਸ਼ੀ ਦੇ ਸਾਹ-ਮਣੇ ਨਰਵਾਲ ਦੀ ਹੱਤਿਆ ਕਰ ਦਿੱਤੀ ਗਈ। ਪੀਐੱਚਡੀ ਕਰ ਰਹੀ ਗੁਰੂਗ੍ਰਾਮ ਦੀ ਹਿਮਾਂਸ਼ੀ ਨੇ ਕਿਹਾ, 'ਭਗਵਾਨ ਉਸ ਦੀ (ਵਿਨੈ ਨਰਵਾਲ) ਆਤਮਾ ਨੂੰ ਸ਼ਾਂਤੀ ਦੇਵੇ। ਸਾਨੂੰ ਉਸ 'ਤੇ ਹਰ ਤਰ੍ਹਾਂ ਨਾਲ ਮਾਣ ਹੋਣਾ ਚਾਹੀਦਾ ਹੈ ਅਤੇ ਅਸੀਂ ਉਸ ਨੂੰ ਹਰ ਤਰ੍ਹਾਂ ਨਾਲ ਮਾਣ ਦਿਵਾਵਾਂਗੇ।' ਨਰਵਾਲ ਦੀ ਮ੍ਰਿਤਕ ਦੇਹ ਅੱਜ ਦੁਪਹਿਰ ਕਸ਼ਮੀਰ ਤੋਂ ਦਿੱਲੀ ਦੇ ਇੰ-ਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਲਿਆਂਦੀ ਗਈ, ਜਿੱਥੋਂ ਉਸ ਨੂੰ ਹਰਿਆਣਾ ਦੇ ਕਰਨਾਲ ਵਿੱਚ ਲਿਆਂਦਾ ਗਿਆ। ਇਸ ਦੌਰਾਨ ਲੋਕਾਂ ਨੇ ਪਾਕਿਸਤਾਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਮਗਰੋਂ ਸਰਕਾਰੀ ਸਨਮਾਨਾਂ ਨਾਲ ਉਸ ਦਾ ਸਸਕਾਰ ਕਰ ਦਿੱਤਾ ਗਿਆ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੀ ਇਸ ਮੌਕੇ ਮੌਜੂਦ ਸਨ। ਇਸ ਦੌਰਾਨ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੇ ਵੀ ਹਵਾਈ ਅੱਡੇ 'ਤੇ ਨਰਵਾਲ (26) ਨੂੰ ਸ਼ਰਧਾਂਜਲੀ ਦਿੱਤੀ। ਸੈਣੀ ਨੇ ਅੱਜ ਸਵੇਰੇ ਨਰਵਾਲ ਦੇ ਦਾਦਾ ਨੂੰ ਵੀਡੀਓ ਕਾਲ ਕੀਤੀ। ਜਲ ਸੈਨਾ ਦੇ ਇੱਕ ਅਧਿਕਾਰੀ ਨੇ ਕਿਹਾ, 'ਲੈਫਟੀਨੈਂਟ ਨਰਵਾਲ ਹਮੇਸ਼ਾ ਖ਼ੁਸ਼ ਰਹਿੰਦਾ ਸੀ ਅਤੇ ਆਪਣੇ ਫਰਜ਼ਾਂ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਸੀ।' ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਜਲ ਸੈਨਾ ਉਸ ਦੇ (ਨਰਵਾਲ) ਪਰਿਵਾਰ ਨਾਲ ਹੈ।

## ਸੈਲਾਨੀਆਂ ਨੂੰ ਬਚਾਉਣ ਲਈ ਅੱਤਵਾਦੀਆਂ ਨਾਲ ਭਿੜਨ ਵਾਲੇ ਆਦਿਲ ਹੁਸੈਨ ਲਈ ਉਮਰ ਅਬਦੁੱਲਾ ਨੇ ਪੜ੍ਹਿਆ 'ਫ਼ਾਤਿਹਾ'



ਪਹਿਲਗਾਮ, 23 ਅਪ੍ਰੈਲ (ਪੋਸਟ ਬਿਊਰੋ): ਜੰਮੂ ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਪਹਿਲਗਾਮ ਵਿੱਚ ਅੱਤਵਾਦੀ ਹਮਲੇ ਵਿੱਚ ਮਾਰੇ ਗਏ ਵਿਅਕਤੀਆਂ ਵਿੱਚ ਸ਼ਾਮਲ 30 ਸਾਲਾ ਖੱਚਰ ਵਾਲੇ ਦੀਆਂ ਅੰਤਿਮ ਰਸਮਾਂ ਵਿੱਚ ਸ਼ਾਮਿਲ ਹੋਏ ਅਤੇ ਹਥਿਆਰਬੰਦ ਹਮਲਾਵਰਾਂ ਨਾਲ ਭਿੜਨ ਲਈ ਉਸ ਦੇ ਹੌਸਲੇ ਦੀ ਪ੍ਰਸ਼ੰਸਾ ਕੀਤੀ। ਖੱਚਰ 'ਤੇ ਸੈਲਾਨੀਆਂ ਨੂੰ ਸੈਰ ਕਰਵਾਉਣ ਵਾਲੇ ਸਈਦ ਆਦਿਲ ਹੁਸੈਨ ਸ਼ਾਹ ਨੂੰ ਪਹਿਲਗਾਮ ਦੇ ਹਾਪਤਨਾਰਦ ਪਿੰਡ ਵਿੱਚ ਉਸ ਦੇ ਜੱਦੀ ਕਬਰਿਸਤਾਨ ਵਿੱਚ ਦਫ਼ਨਾਇਆ ਗਿਆ ਜਿੱਥੇ ਸੈਂਕੜੇ ਲੋਕਾਂ ਨੇ ਉਸ ਨੂੰ ਨਮ ਅੱਖਾਂ ਨਾਲ ਵਿਦਾਇਗੀ ਦਿੱਤੀ ਅਤੇ ਉਸ ਦੇ ਬਲਿਦਾਨ ਨੂੰ ਸਲਾਮ ਕੀਤਾ।

ਅਬਦੁੱਲ੍ਹਾ ਨੇ 'ਐਕਸ' 'ਤੇ ਲਿਖਿਆ ਕਿ ਮੈਂ ਸ਼ਾਹ ਲਈ 'ਫਾਤਿਹਾ' (ਦਫ਼ਨਾਉਣ ਤੋਂ ਬਾਅਦ ਦੀ ਨਮਾਜ਼) ਪੜ੍ਹਨ ਲਈ ਪਹਿਲਗਾਮ ਪਹੁੰਚਿਆ ਸੀ। ਸੈਲਾਨੀਆਂ ਨੂੰ ਬਚਾਉਣ ਦੇ ਦਲੇਰਾਨਾ ਯਤਨ ਦੌਰਾਨ ਇੱਕ ਅਤਿਵਾਦੀ ਤੋਂ ਹਥਿਆਰ ਖੋਹਣ ਦੀ ਕੋਸ਼ਿਸ਼ ਕਰਦਿਆਂ ਗੋਲੀ ਲੱਗਣ ਕਾਰਨ ਉਸ ਦੀ ਮੌਤ ਹੋ ਗਈ। ਉਹ ਸੈਲਾਨੀਆਂ ਨੂੰ ਖੱਚਰ 'ਤੇ ਬਿਠਾ ਕੇ ਪਾਰਕਿੰਗ ਖੇਤਰ ਤੋਂ ਬੈਸਰਨ ਲਿਜਾਅ ਰਿਹਾ ਸੀ।

ਮੁੱਖ ਮੰਤਰੀ ਨੇ 'ਐਕਸ' 'ਤੇ ਸਾਂਝੀ ਪੋਸਟ ਵਿੱਚ ਲਿਖਿਆ, ''ਸ਼ਾਹ ਦੇ ਦੁਖੀ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਪੂਰੀ ਸਹਾਇਤਾ ਦਾ ਭਰੋਸਾ ਦਿੱਤਾ। ਆਦਿਲ (ਸ਼ਾਹ) ਇਕਲੌਤਾ ਕਮਾਉਣ ਵਾਲਾ ਸੀ ਅਤੇ ਉਸਦੀ ਅਸਾਧਾਰਨ ਬਹਾਦਰੀ ਅਤੇ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।'' ਸ਼ਾਹ ਦੇ ਛੋਟੇ ਭਰਾ ਸਈਅਦ ਨੌਸ਼ਾਦ ਨੇ ਦੱਸਿਆ ਕਿ ਸ਼ਾਹ ਕੰਮ ਲਈ ਪਹਿਲਗਾਮ ਗਿਆ ਸੀ। ਉਸ ਨੇ ਕਿਹਾ, ''ਮੰਗਲਵਾਰ ਨੂੰ ਜਦੋਂ ਅਤਿਵਾਦੀਆਂ ਨੇ ਸੈਲਾਨੀਆਂ 'ਤੇ ਹਮਲਾ ਕੀਤਾ ਤਾਂ ਮੇਰੇ ਭਰਾ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।'' ਨੌਸ਼ਾਦ ਨੇ ਕਿਹਾ ਕਿ ਅਤਿਵਾਦੀਆਂ ਨੇ ਸ਼ਾਹ ਦੀ ਛਾਤੀ ਵਿੱਚ ਤਿੰਨ ਗੋਲੀਆਂ ਮਾਰੀਆਂ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

# ਪੀਐੱਸਬੀ ਸੀਨੀਅਰਜ਼ ਕਲੱਬ ਕੈਨੇਡਾ ਨੇ ਸਿੱਖ ਹੈਰੀਟੇਜ ਮੰਥ ਨੂੰ ਸਮੱਰਪਿਤ ਸਮਾਗ਼ਮ ਦੌਰਾਨ ਮੈਂਟਲ ਹੈੱਲਥ ਸਬੰਧੀ ਜਾਣਕਾਰੀ ਸਾਂਝੀ ਕੀਤੀ

ਬਰੈਂਪਟਨ, (ਡਾ. ਝੰਡ) – ਲੰਘੇ ਐਤਵਾਰ 20 ਅਪ੍ਰੈਲ ਨੂੰ ਪੀਐੱਸਬੀ ਸੀਨੀਅਰਜ਼ ਕਲੱਬ ਕੈਨੇਡਾ ਵੱਲੋਂ ਸਿੱਖ ਹੈਰੀਟੇਜ ਮੰਥ ਨੂੰ ਸਮੱਰਪਿਤ ਸਮਾਗ਼ਮ ਸਥਾਨਕ ਪੈਲੇਸ਼ੀ ਰੀਕਰੀਏਸ਼ਨ ਸੈਂਟਰ ਵਿਖੇ ਆਯੋਜਿਤ ਕੀਤਾ ਗਿਆ। ਇਸ ਸਮਾਗ਼ਮ ਵਿੱਚ ਪ੍ਰਬੰਧਕਾਂ ਵੱਲੋਂ ਮੈਂਟਲ ਹੈੱਲਥ ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ।

ਸਮਾਗ਼ਮ ਦੇ ਆਰੰਭ ਵਿੱਚ ਕਲੱਬ ਦੇ ਸਰਪ੍ਰਸਤ ਗੁਰਚਰਨ ਸਿੰਘ ਖੱਖ ਨੇ ਹਾਜ਼ਰ ਮੈਂਬਰਾਂ ਨੂੰ ਹਾਰਦਿਕ ਜੀ-ਆਇਆਂ ਕਹਿੰਦਿਆਂ ਹੋਇਆਂ ਕੈਨੇਡਾ ਸਰਕਾਰ ਵੱਲੋਂ ਅਪ੍ਰੈਲ ਮਹੀਨੇ ਨੂੰ ਸਿੱਖ ਹੈਰੀਟੇਜ ਮੰਥ ਐਲਾਨੇ ਜਾਣ ਦੇ ਪਿਛੋਕੜ ਤੇ ਇਸ ਦੇ ਇਤਿਹਾਸ ਉੱਪਰ ਚਾਨਣਾ ਪਾਇਆ। ਡਾ. ਹਰਜੀਤ ਕੌਰ ਨੇ ਆਪਣੀ ਸੁਰੀਲੀ ਆਵਾਜ਼ ਵਿੱਚ 'ਦੇਹ ਸ਼ਿਵਾ ਬਰ ਮੋਹਿ ਇਹੈ ਸ਼ੁਭ ਕਰਮਨ ਤੇ ਕਬਹੂ ਨਾ ਟਰੋਂ' ਸ਼ਬਦ ਦਾ ਗਾਇਨ ਕੀਤਾ। ਰਵਿੰਦਰ ਕੌਰ ਜਸਾਨੀ ਵੱਲੋਂ ਵੀ ਗੁਰਬਾਣੀ ਦੇ ਇੱਕ ਸ਼ਬਦ ਦਾ ਗਾਇਨ ਕੀਤਾ ਗਿਆ। ਸਤਪਾਲ ਸਿੰਘ ਕੋਮਲ ਨੇ 'ਖਾਲਸਾ ਸਿਰਜਣਾ ਦਿਹਾੜੇ' ਨੂੰ ਸਮੱਰਪਿਤ ਆਪਣੀ ਕਵਿਤਾ 'ਪਿਆਸ' ਪੇਸ਼ ਕੀਤੀ ਜਿਸ ਨੂੰ ਸਰੋਤਿਆਂ ਵੱਲੋਂ ਬੇਹੱਦ ਪਸੰਦ ਕੀਤਾ ਗਿਆ।

ਉਪਰੰਤ, ਮਨੋਰੰਜਨ ਦੇ ਪ੍ਰੋਗਰਾਮ ਆਰੰਭ ਹੋ ਗਿਆ ਜਿਸ ਵਿੱਚ ਪ੍ਰਬੰਧਕੀ ਮੈਂਬਰ ਸੁਖਦੇਵ ਸਿੰਘ ਬੇਦੀ ਨੇ ਇਕ ਹਿੰਦੀ ਫ਼ਿਲਮੀ ਗੀਤ ਪੇਸ਼ ਕੀਤਾ। ਤ੍ਰਿਲੋਕ ਸਿੰਘ ਸੋਢੀ ਨੇ ਵੀ ਹਿੰਦੀ ਫ਼ਿਲਮ ਦਾ ਇੱਕ ਸੁਣ-ਾਇਆ। ਜੋਗਿੰਦਰ ਕੌਰ ਮਰਵਾਹਾ, ਅਮਰਜੀਤ ਕੌਰ, ਪਰਮਜੀਤ ਕੌਰ ਅਤੇ ਬਲਜੀਤ ਕੌਰ ਵੱਲੋਂ ਮਿਲ ਕੇ ਪੰਜਾਬੀ ਫ਼ਿਲਮੀ ਗੀਤ 'ਲਾਈਆਂ ਤੇ ਤੋੜ ਨਿਭਾਈਂ ਛੱਡ ਕੇ ਨਾ ਜਾਈਂ' ਦੀ ਸਫ਼ਲ ਪੇਸ਼ ਕਾਰੀ ਕੀਤੀ ਗਈ।

ਸਮਾਗ਼ਮ ਦੇ ਅਗਲੇ ਪੜਾਅ ਵਿੱਚ ਸੈਮੀਨਾਰ ਦੇ ਪ੍ਰਮੁੱਖ-ਵਕਤਾ ਸ਼੍ਰੀਮਤੀ ਗੁਰਪ੍ਰੀਤ ਕੌਰ ਸਨ। ਉਨ੍ਹਾਂ ਵੱਲੋਂ ਸੀਨੀਅਰਾਂ ਨੂੰ ਦਰਪੇਸ਼ ਮੈਂਟਲ ਹੈੱਲਥ ਸਬੰਧੀ ਮੁਸ਼ਕਲਾਂ ਦੇ ਹੱਲ ਲਈ ਕਈ ਮਹੱਤਵਪੂਰਨ ਨੁਕਤੇ ਸਾਂਝੇ ਕੀਤੇ ਗਏ। ਸੈਮੀਨਾਰ ਦੇ ਅੰਤ ਵਿੱਚ ਉਨ੍ਹਾਂ ਵੱਲੋਂ ਮੈਂਬਰਾਂ ਦੇ ਸੁਆਲਾਂ ਦੇ ਜੁਆਬ ਬੜੇ ਠਰੰਮੇ ਨਾਲ ਤਸੱਲੀਪੂਰਵਕ ਦਿੱਤੇ ਗਏ। ਲੱਗਭੱਗ ਇਕ ਘੰਟੇ ਦੇ ਇਸ ਸੈਮੀਨਾਰ ਦੌਰਾਨ ਮੈਂਬਰਾਂ ਦੀ ਦਿਲਚਸਪੀ ਲਗਾਤਾਰ ਬਰਕਰਾਰ ਰਹੀ। ਸਾਰਿਆਂ ਨੇ ਇਸ ਨੂੰ ਬੜੇ ਹੀ ਗਹੁ ਨਾਲ ਸੁਣਿਆਂ।

ਇਸ ਸਮਾਗ਼ਮ ਵਿੱਚ ਕੈਨੇਡੀਅਨ ਪਾਰਲੀਮੈਂਟ ਦੇ ਹਾਊਸ ਆਫ਼ ਕਾਮਨਜ਼ ਦੇ ਛੇ ਵਾਰ ਮੈਂਬਰ ਪਾਰਲੀਮੈਂਟ ਰਹਿ ਚੁੱਕੇ ਗੁਰਬਖ਼ਸ਼ ਸਿੰਘ ਮੱਲ੍ਹੀ ਅਤੇ ਤੀਸਰੀ ਵਾਰ ਐੱਮ.ਪੀ.ਪੀ. ਬਣੇ ਅਮਰਜੋਤ ਸਿੰਘ ਸੰਧੂ ਨੇ ਵਿਸ਼ੇਸ਼ ਤੌਰ'ਤੇ ਸ਼ਿਰਕਤ ਕੀਤੀ। ਇਨ੍ਹਾਂ ਦੋਹਾਂ ਸ਼ਖ਼ਸੀਅਤਾਂਵੱਲੋਂ ਕਲੱਬ ਦੇ ਮੈਂਬਰਾਂ ਨੂੰ ਵਿਸਾਖੀ ਅਤੇ ਸਿੱਖ ਹੈਰੀਟੇਜ ਮੰਥ ਦੀਆਂ ਵਧਾਈਆਂ ਸਾਂਝੀਆਂ ਕੀਤੀਆਂ ਗਈਆਂ। ਸਮਾਗ਼ਮ ਦੇ ਅੰਤ ਵਿੱਚ ਸ਼੍ਰੀਮਤੀ ਜੋਗਿੰਦਰ ਕੌਰ ਤੇ ਕੰਵਲਜੀਤ ਕੌਰ ਖੱਖ ਨੇ ਮੈਂਬਰਾਂ ਨੂੰ ਤੰਬੋਲਾ ਗੇਮ ਖਿਡਾ ਕੇ ਉਨ੍ਹਾਂ ਦਾ ਭਰਪੂਰ ਮਨੋਰੰਜਨ ਕੀਤਾ ਜਿਸ ਦਿ ਫ਼ਲਸਰੂਪਸਮੁੱਚਾ ਮਾਹੌਲ ਕਾਫ਼ੀ ਰੌਚਕ ਬਣ ਗਿਆ।

ਅਖ਼ੀਰ ਵਿੱਚ ਕਲੱਬ ਦੇ ਪ੍ਰਧਾਨ ਹਰਚਰਨ ਸਿੰਘ ਨੇ ਸਮਾਗ਼ਮ ਵਿੱਚ ਪਹੁੰਚੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਅਗਾਮੀ 1 ਜੁਲਾਈ ਨੂੰ ਕਲੱਬ ਵੱਲੋਂ 'ਕੈਨੇਡਾ ਡੇਅ' ਮਨਾਉਣ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਕਲੱਬ ਦੇ ਸਾਰੇ ਮੈਂਬਰਾਂ ਨੂੰ ਉਸ ਸਮਾਗਮ ਵਿੱਚ ਪਹੁੰਚਣ ਦਾ ਸੱਦਾ ਦਿੱਤਾ। ਇਸ ਦੌਰਾਨ ਕਲੱਬ ਦੀ ਪ੍ਰਬੰਧਕੀ ਟੀਮ ਵੱਲੋਂ ਸਵੇਰੇ ਨਾਸ਼ਤੇ ਅਤੇ ਫਿਰ ਬਾਅਦ ਦੁਪਹਿਰ ਖਾਣੇ ਦਾ ਸੁਚੱਜਾ ਪ੍ਰਬੰਧ ਨਿਰਸੰਦੇਹ ਕਾਬਲੇ-ਤਾਰੀਫ਼ ਸੀ ਜਿਸ ਦੀ ਸਾਰੇ ਮੈਂਬਰਾਂ ਵੱਲੋਂ ਭਰਪੂਰ ਸਰਾਹਨਾ ਕੀਤੀ ਗਈ।

ਇਸ ਸਮਾਗ਼ਮ ਦੇ ਸ਼ਾਨਦਾਰ ਆਯੋਜਨ ਲਈ ਮੈਂਬਰਾਂ ਵੱਲੋਂ ਕਲੱਬ ਦੇ ਅਹੁਦੇਦਾਰਾਂ ਗੁਰਚਰਨ ਸਿੰਘ ਖੱਖ, ਹਰਚਰਨ ਸਿੰਘ, ਗਿਆਨ ਪਾਲ, ਸੁਖਦੇਵ ਸਿੰਘ ਬੇਦੀ, ਮਨਜੀਤ ਸਿੰਘ ਗਿੱਲ, ਬਲਜਿੰਦਰਸਿੰਘ ਮਰਵਾਹਾ ਤੇ ਜੋਗਿੰਦਰ ਕੌਰ ਮਰਵਾਹਾ ਦਾ ਹਾਰਦਿਕ ਧੰਨਵਾਦ ਕੀਤਾ ਗਿਆ।











ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖ਼ੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਪੁਲਿਸ ਭਰਤੀ ਪ੍ਰਕਿਰਿਆ 'ਚ ਪ੍ਰਾਪਤ ਕਰ ਰਹੇ ਹਾਂ ਗਤੀ : ਲਿਪਿੰਸਕੀ

## ਸਰੀ ਪੁਲਿਸ ਸੇਵਾ ਨੇ ਕੀਤੀ ਕਮਾਂਡ ਬਦਲਣ ਦੀ ਰਸਮ



ਸਰੀ, 23 ਅਪ੍ਰੈਲ (ਪੋਸਟ ਬਿਊਰੋ): ਸਰੀ ਪੁਲਿਸ ਸੇਵਾ ਅਤੇ ਸੂਬੇ ਭਰ ਦੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੇ ਮੈਂਬਰ ਮੰਗਲਵਾਰ ਦੁਪਹਿਰ ਨੂੰ ਕਮਾਂਡ ਬਦਲਣ ਦੀ ਰਸਮ ਲਈ ਇਕੱਠੇ ਹੋਏ। ਆਰ.ਸੀ.ਐੱਮ.ਪੀ. ਦੀ ਥਾਂ ਲੈ ਕੇ ਅਤੇ ਇੱਕ ਸਾਲਾਂ ਤੋਂ ਚੱਲੀ ਆ ਰਹੀ ਰਾਜਨੀਤਿਕ ਗਾਥਾ ਦਾ ਅੰਤ ਕਰਕੇ ਐੱਸ.ਪੀ.ਐੱਸ. ਨਵੰਬਰ ਦੇ ਅਖੀਰ ਵਿੱਚ ਅਧਿਕਾਰਤ ਤੌਰ 'ਤੇ ਅਧਿਕਾਰ ਖੇਤਰ ਦੀ ਪੁਲਿਸ ਬਣ ਗਿਆ। ਤਬਦੀਲੀ ਨੂੰ ਚੀਫ਼ ਕਾਂਸਟੇਬਲ ਨੌਰਮ ਲਿਪਿੰਸਕੀ ਅਤੇ ਬੀ.ਸੀ. ਆਰ.ਸੀ.ਐੱਮ.ਪੀ. ਕਮਾਂਡਿੰਗ ਅਫਸਰ ਡਵੇਨ ਮੈਕਡੋਨਲਡ ਨੇ ਇਸ ਨੂੰ ਅਧਿਕਾਰਤ ਕੀਤਾ। ਉਨ੍ਹਾਂ ਕਿਹਾ ਕਿ ਇਹ ਇੱਕ ਰੋਲਰ ਕੋਸਟਰ ਰਿਹਾ ਹੈ। ਉਨ੍ਹਾਂ ਨੂੰ ਆਪਣੇ ਲੋਕਾਂ 'ਤੇ ਸੱਚਮੁੱਚ ਮਾਣ ਹੈ ਕਿ ਅਸੀਂ ਇੱਥੇ ਕੁਝ ਖਾਸ ਬਣਾਇਆ ਹੈ। ਹੁਣ ਜਦੋਂ ਰਾਜਨੀਤਿਕ ਡਰਾਮਾ ਖ਼ਤਮ ਹੋ ਗਿਆ ਜਾਪਦਾ ਹੈ, ਉਹ ਭਰਤੀ ਪ੍ਰਕਿਰਿਆ ਵਿੱਚ ਗਤੀ ਪ੍ਰਾਪਤ ਕਰ ਰਹੇ ਹਨ ਅਤੇ ਹੁਣ 500 ਤੋਂ ਵੱਧ ਵਰਦੀਧਾਰੀ ਅਧਿਕਾਰੀ ਹਨ। ਲਿਪਿੰਸਕੀ ਦਾ ਕਹਿਣਾ ਹੈ ਕਿ ਐਸਪੀਐਸ ਨਿਊਟਨ ਅਤੇ ਵ੍ਹੇਲੀ ਵਿੱਚ ਕੰਮ ਕਰ ਰਿਹਾ ਹੈ, ਉਹ ਇਸ ਸਾਲ ਦੇ ਅੰਤ ਵਿੱਚ ਦੱਖਣੀ ਸਰੀ ਤੱਕ ਫੈਲਣਗੇ। ਉਹ ਕਹਿੰਦੇ ਹਨ ਕਿ ਉਨ੍ਹਾਂ ਨੂੰ ਤਬਦੀਲੀ ਨੂੰ ਪੂਰਾ ਕਰਨ ਲਈ ਲਗਭਗ 300 ਹੋਰ ਅਧਿਕਾਰੀਆਂ ਦੀ ਲੋੜ ਪਵੇਗੀ। ਸਰੀ ਦੀ ਮੇਅਰ ਬ੍ਰੈਂਡਾ ਲੌਕ, ਜਿਸਨੇ ਆਰਸੀਐਮਪੀ ਨੂੰ ਸ਼ਹਿਰ ਵਿੱਚ ਰੱਖਣ ਲਈ ਲੰਮਾ ਅਤੇ ਸਖ਼ਤ ਸੰਘਰਸ਼ ਕੀਤਾ, ਕਹਿੰਦੇ ਹਨ ਕਿ ਉਹ ਪੰਨਾ ਬਦਲਣ ਲਈ ਤਿਆਰ ਹਨ। ਅਸੀਂ ਇਹ ਯਕੀਨੀ ਬਣਾਉਣ ਲਈ ਅੱਗੇ ਵਧਾਂਗੇ ਕਿ ਇਹ ਸਰੀ ਸ਼ਹਿਰ ਵਿੱਚ ਸਾਡੇ ਕੋਲ ਸਭ ਤੋਂ ਵਧੀਆ ਪੁਲਿਸ ਵਿਭਾਗ ਹੈ। ਤੁਹਾਨੂੰ ਦੱਸ ਸਕਦੀ ਹਾਂ ਕਿ ਸਰੀ ਪੁਲਿਸ ਸੇਵਾ ਕੋਲ ਕੁਝ ਬਹੁਤ ਖਾਲੀ ਅਸਾਮੀਆਂ ਹਨ।

# ਪੀਐੱਨਬੀ ਧੋਖਾਧੜੀ ਮਾਮਲਾ: ਬੈਲਜ਼ੀਅਮ ਦੀ ਅਦਾਲਤ ਨੇ ਮੇਹੁਲ ਚੋਕਸੀ ਦੀ ਜ਼ਮਾਨਤ ਪਟੀਸ਼ਨ ਕੀਤੀ ਖ਼ਾਰਜ

ਬ੍ਰਸੇਲਜ਼, 23 ਅਪ੍ਰੈਲ (ਪੋਸਟ ਬਿਊਰੋ): ਬੈਲਜ਼ੀਅਮ ਦੀ ਇੱਕ ਅਦਾਲਤ ਨੇ 13,500 ਕਰੋੜ ਰੁਪਏ ਦੇ ਪੰਜਾਬ ਨੈਸ਼ਨਲ ਬੈਂਕ (ਪੀਐੱਨਬੀ) ਕਰਜ਼ਾ ਧੋਖਾਧੜੀ ਮਾਮਲੇ ਦੇ ਮੁੱਖ ਦੋਸ਼ੀ ਮੇਹੁਲ ਚੋਕਸੀ ਦੀ ਜ਼ਮਾਨਤ ਪਟੀਸ਼ਨ ਨੂੰ ਰੱਦ ਕਰ ਦਿੱਤਾ ਹੈ। ਡੱਚ ਭਾਸ਼ਾ 'ਚ ਸੁਣਵਾਈ ਕਰਨ ਵਾਲੇ ਤਿੰਨ ਜੱਜਾਂ ਦੇ ਬੈਂਚ ਨੇ ਦਲੀਲਾਂ ਦੀ ਸਮੀਖਿਆ ਕਰਨ ਤੋਂ ਬਾਅਦ ਜ਼ਮਾਨਤ ਦੇਣ ਦੇ ਵਿਰੁੱਧ ਫ਼ੈਸਲਾ ਸੁਣਾਇਆ। ਚੋਕਸੀ ਨੂੰ ਭਾਰਤੀ ਅਧਿਕਾਰੀਆਂ ਦੀ ਬੇਨਤੀ ਤੋਂ ਬਾਅਦ ਪਿਛਲੇ ਹਫ਼ਤੇ ਬੈਲਜੀਅਮ 'ਚ ਗ੍ਰਿਫਤਾਰ ਕੀਤਾ ਗਿਆ ਸੀ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਹਫ਼ਤਾਵਾਰੀ ਮੀਡੀਆ ਬ੍ਰੀਫਿੰਗ ਦੌਰਾਨ ਕਿਹਾ ਸੀ ਕਿ ਭਾਰਤ ਚੋਕਸੀ ਦੀ ਹਵਾਲਗੀ ਲਈ ਬੈਲਜੀਅਮ ਪੱਖ ਨਾਲ ਕੰਮ ਕਰ ਰਿਹਾ ਹੈ। "ਜਿਵੇਂ ਕਿ ਤੁਸੀਂ ਜਾਣਦੇ ਹੋ, ਸਾਡੀ ਹਵਾਲਗੀ ਬੇਨਤੀ ਦੇ ਅਧਾਰ 'ਤੇ, ਉਸਨੂੰ ਬੈਲਜੀਅਮ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ। ਅਸੀਂ ਬੈਲਜੀਅਮ ਪੱਖ ਨਾਲ ਭਾਰਤ ਨੂੰ ਉਸਦੀ ਹਵਾਲਗੀ ਲਈ ਨੇੜਿਓਂ ਕੰਮ ਕਰ ਰਹੇ ਹਾਂ ਤਾਂ ਜੋ ਉਹ ਦੇਸ਼ 'ਚ ਮੁਕੱਦਮੇ ਦਾ ਸਾਹਮਣਾ ਕਰ ਸਕੇ," ਜੈਸਵਾਲ ਨੇ ਇੱਕ ਸਵਾਲ ਦਾ ਜਵਾਬ ਦਿੰਦੇ ਹੋਏ ਕਿਹਾ ਸੀ।



ਅੱਜ ਪਹਿਲਾਂ, ਚੋਕਸੀ ਦੇ ਭਾਰਤੀ ਵਕੀਲ, ਵਿਜੇ ਅਗਰਵਾਲ, ਜ਼ਮਾਨਤ ਦੀ ਸੁਣਵਾਈ ਤੋਂ ਪਹਿਲਾਂ ਐਂਟਵਰਪ 'ਚ ਦੇਖੇ ਗਏ ਸਨ ਅਤੇ ਜੇਲ੍ਹ ਵਿੱਚ ਚੋਕਸੀ ਨੂੰ ਵੀ ਮਿਲੇ ਸਨ। ਆਪਣੀ ਗ੍ਰਿਫ਼ਤਾਰੀ ਤੋਂ ਬਾਅਦ, ਅਗਰਵਾਲ ਨੇ ਕਿਹਾ ਕਿ ਕਾਨੂੰਨੀ ਟੀਮ ਫ਼ੈਸਲੇ ਵਿਰੁੱਧ ਅਪੀਲ ਕਰਨ ਦੀ ਯੋਜਨਾ ਬਣਾ ਰਹੀ ਹੈ, ਜਿਸ 'ਚ "ਚੋਕਸੀ ਦੀ ਖ਼ਰਾਬ ਸਿਹਤ ਅਤੇ ਚੱਲ ਰਹੇ ਕੈਂਸਰ ਦੇ ਇਲਾਜ" ਨੂੰ ਉਸਦੀ ਰਿਹਾਈ ਦੀ ਮੰਗ ਦੇ ਮੁੱਖ ਆਧਾਰ ਵਜੋਂ ਦਰਸਾਇਆ ਗਿਆ ਹੈ।

ਵਿਜੈ ਅਗਰਵਾਲ ਦੱਸਿਆ ਕਿ "ਮੇਰਾ ਮੁਵੱਕਿਲ, ਮੇਹੁਲ ਚੋਕਸੀ, ਇਸ ਸਮੇਂ ਹਿਰਾਸਤ ਵਿੱਚ ਹੈ। ਅਸੀਂ ਅਪੀਲ ਦਾਇਰ ਕਰਨ ਦੀ ਪ੍ਰਕਿਰਿਆ ਸ਼ੁਰੂ ਕਰਾਂਗੇ ਅਤੇ ਉਸਦੀ ਡਾਕਟਰੀ ਸਥਿਤੀ ਅਤੇ ਇਸ ਤੱਥ ਦਾ ਹਵਾਲਾ ਦਿੰਦੇ ਹੋਏ ਕਿ ਉਹ ਭੱਜਣ ਦਾ ਜੋਖ਼ਮ ਨਹੀਂ ਹੈ, ਜੇਲ੍ਹ ਤੋਂ ਉਸਦੀ ਰਿਹਾਈ ਦੀ ਬੇਨਤੀ ਕਰਾਂਗੇ।

# ਵਿਦਿਆਰਥੀਆਂ ਨੂੰ ਵਿਲੱਖਣ ਨੌਕਰੀਆਂ ਕਿਉਂ ਵਿਚਾਰਨੀਆਂ ਚਾਹੀਦੀਆਂ ਹਨ

ਵਿਜੈ ਗਰਗ

ਤੇਜ਼ੀ ਨਾਲ ਵਿਕਸਤ ਹੋ ਰਹੀ ਦੁਨੀਆਂ ਵਿੱਚ, ਗ੍ਰੈਜੂਏਟਾਂ ਨੂੰ ਅਨੁਕੂਲਤਾ ਅਤੇ ਨਿਰੰਤਰ ਸਿੱਖਣ ਨੂੰ ਅਪਣਾਉਣਾ ਚਾਹੀਦਾ ਹੈ। ਸਫਲਤਾ ਆਪਣੇ ਆਪ ਨੂੰ ਮੁੜ ਖੋਜਣ ਅਤੇ ਉਤਸੁਕ ਰਹਿਣ 'ਤੇ ਨਿਰਭਰ ਕਰਦੀ ਹੈ। ਪਿਛਲੇ ਗਿਆਨ ਨੂੰ ਛੱਡਣਾ ਨਵੇਂ ਦਰਵਾਜ਼ੇ ਖੋਲ੍ਹਦਾ ਹੈ ਅਤੇ ਕਈ ਜਨੂੰਨਾਂ ਨੂੰ ਜੋੜ ਕੇ ਅਤੇ ਇੱਕ ਬਹੁ-ਅਨੁਸ਼ਾਸਨੀ ਮਾਰਗ 'ਤੇ ਚੱਲ ਕੇ, ਵਿਦਿਆਰਥੀ ਆਪਣੇ ਲਈ ਵਿਲੱਖਣ ਮੌਕੇ ਪੈਦਾ ਕਰ ਸਕਦੇ ਹਨ। ਮਾਪੇ ਵੀ ਪੂਰਤੀ ਦੀ ਮਹੱਤਤਾ ਨੂੰ ਸਮਝਦੇ ਹਨ ਅਤੇ ਗੈਰ-ਰਵਾਇਤੀ ਕਰੀਅਰ ਮਾਰਗਾਂ ਦੀ ਕਦਰ ਕਰਦੇ ਹਨ। ਅਣਜਾਣ ਲਈ ਤਿਆਰੀ ਕਰਨ ਲਈ, ਗ੍ਰੈਜੂਏਟਾਂ ਨੂੰ ਆਪਣੇ ਜਨੂੰਨਾਂ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ, ਆਪਣੀ ਸਮਝ ਨੂੰ ਡੂੰਘਾ ਕਰਨਾ ਚਾਹੀਦਾ ਹੈ, ਅਤੇ ਅਜਿਹੇ ਸਬੰਧ ਲੱਭਣੇ ਚਾਹੀਦੇ ਹਨ ਜੋ ਉਨ੍ਹਾਂ ਨੂੰ ਵੱਖਰਾ ਬਣਾਉਂਦੇ ਹਨ।

ਆਪਣੇ ਆਪ ਪ੍ਰਤੀ ਸੱਚਾ ਹੋਣਾ ਅਤੇ ਵਿਲੱਖਣਤਾ ਨੂੰ ਅਪਣਾਉਣਾ ਇੱਕ ਸੰਪੂਰਨ ਅਤੇ ਖੁਸ਼ਹਾਲ ਭਵਿੱਖ ਵੱਲ ਲੈ ਜਾਂਦਾ ਹੈ। ਸਫਲਤਾ ਅਨੁਕੂਲਤਾ, ਨਿਰੰਤਰ ਸਿੱਖਣ, ਅਣਸਿੱਖਣ, ਆਪਣੀ ਸੱਚੀ ਇੱਛਾ ਲੱਭਣ ਅਤੇ ਵਿੱਤੀ ਗਿਆਨ ਨੂੰ ਏਕੀਕ੍ਰਿਤ ਕਰਨ ਵਿੱਚ ਹੈ। ਹਾਈ ਸਕੂਲ ਗ੍ਰੈਜੂਏਟ ਸਫਲਤਾ ਦੇ ਆਪਣੇ ਵਿਲੱਖਣ ਰਸਤੇ 'ਤੇ ਚੱਲ ਕੇ ਵਿਸ਼ਵਾਸ ਨਾਲ ਵਿਕਸਤ ਹੋ ਰਹੇ ਸੰਸਾਰ ਵਿੱਚ ਨੈਵੀਗੇਟ ਕਰ ਸਕਦੇ ਹਨ। ਮੌਜੂਦਾ ਖੇਤਰਾਂ ਵਿੱਚ ਵਿਘਨਕਾਰੀ ਨਵੀਨਤਾਵਾਂ ਤੋਂ ਪਰੇ, ਬਹੁਤ ਸਾਰੇ ਨਵੇਂ ਕਰੀਅਰ ਦੇ ਰਸਤੇ ਉਭਰ ਕੇ ਸਾਹਮਣੇ ਆਏ ਹਨ, ਜੋ ਵਿਭਿੰਨ ਰੁਚੀਆਂ ਅਤੇ ਜਨੂੰਨ ਵਾਲੇ ਵਿਦਿਆਰਥੀਆਂ ਲਈ ਵਿਲੱਖਣ ਮੌਕੇ ਪ੍ਰਦਾਨ ਕਰਦੇ ਹਨ। ਵਿਦਿਆਰਥੀਆਂ ਲਈ ਨਵੇਂ ਯੁੱਗ ਦੇ ਕੁਝ ਦਿਲਚਸਪ ਕਰੀਅਰ ਹੇਠਾਂ ਦਿੱਤੇ ਗਏ ਹਨ:

ਧੁਨੀ ਇੰਜੀਨੀਅਰਿੰਗ ਅਤੇ ਸੰਗੀਤ ਸਾਊਂਡ ਇੰਜੀਨੀਅਰਿੰਗ ਦਾ ਖੇਤਰ ਸੰਗੀਤ ਅਤੇ ਆਡੀਓ ਨਿਰਮਾਣ ਲਈ ਪਿਆਰ ਰੱਖਣ ਵਾਲੇ ਵਿਅਕਤੀਆਂ ਲਈ ਇੱਕ ਇਮਰਸਿਵ ਅਨੁਭਵ ਪ੍ਰਦਾਨ ਕਰਦਾ ਹੈ। ਸਾਊਂਡ ਇੰਜੀਨੀਅਰ ਸੰਗੀਤ ਟਰੈਕਾਂ ਦੀ ਰਿਕ-ਾਰਡਿੰਗ, ਮਿਕਸਿੰਗ ਅਤੇ ਮੁਹਾਰਤ ਹਾਸਲ ਕਰਨ ਦੇ ਨਾਲ-ਨਾਲ ਲਾਈਵ ਪ੍ਰਦਰਸ਼ਨ ਅਤੇ ਫਿਲਮ ਨਿਰਮਾਣ ਲਈ ਆਡੀਓ ਸਹਾਇਤਾ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਖੇਤਰ ਤਕਨੀਕੀ ਮੁਹਾਰਤ ਨੂੰ ਰਚਨਾਤਮਕ ਸੁਭਾਅ ਨਾਲ ਜੋੜਦਾ ਹੈ।

ਬਣਾਵਟੀ ਗਿਆਨ ਏਆਈ ਦੇ ਉਭਾਰ ਨੇ ਵੱਖ-ਵੱਖ ਉਦਯੋਗਾਂ ਵਿੱਚ ਸੰਭਾਵਨਾਵਾਂ ਦੀ ਇੱਕ ਦੁਨੀਆ ਖੋਲ੍ਹ ਦਿੱਤੀ ਹੈ। ਏਆਈ ਮਾਹਰ ਐਲਗੋਰਿਦਮ, ਮਸ਼ੀਨ ਲਰਨਿੰਗ ਮਾਡਲ ਅਤੇ ਬੁੱਧੀਮਾਨ ਪ੍ਰਣਾਲੀਆਂ ਦੇ ਵਿਕਾਸ 'ਤੇ ਕੰਮ ਕਰਦੇ ਹਨ। ਆਟੋਨੋਮਸ ਵਾਹਨਾਂ ਤੋਂ ਲੈ ਕੇ ਵਿਅਕਤੀਗਤ ਸਿਫਾਰਸ਼ ਪ੍ਰਣਾਲੀਆਂ ਤੱਕ, ਏਆਈ ਪੇਸ਼ੇਵਰ ਡੇਟਾ ਅਤੇ ਆਟੋਮੇਸ਼ਨ ਦੀ ਸ਼ਕਤੀ ਦੀ ਵਰਤੋਂ ਕਰਕੇ ਭਵਿੱਖ ਨੂੰ ਆਕਾਰ ਦਿੰਦੇ ਹਨ।

ਡਿਜੀਟਲ ਮਾਰਕੀਟਿੰਗ ਅਤੇ ਇਸ਼ਤਿਹਾਰਬਾਜ਼ੀ ਡਿਜੀਟਲ ਯੁੱਗ ਵਿੱਚ, ਕਾਰੋਬਾਰ ਆਪਣੇ ਨਿਸ਼ਾਨਾ ਦਰਸ਼ਕਾਂ ਤੱਕ ਪਹੁੰਚਣ ਲਈ ਡਿਜੀਟਲ ਮਾਰਕੀਟਿੰਗ ਅਤੇ ਇਸ਼ਤਿਹਾਰਬਾਜ਼ੀ 'ਤੇ ਬਹੁਤ ਜ਼ਿਆਦਾ ਨਿਰਭਰ ਕਰਦੇ ਹਨ। ਇਸ ਖੇਤਰ ਵਿੱਚ ਕਰੀਅਰ ਵਿੱਚ ਦਿਲਚਸਪ ਸਮੱਗਰੀ ਬਣਾਉਣਾ, ਖਪਤਕਾਰਾਂ ਦੇ ਵਿਵਹਾਰ ਦਾ ਵਿਸ਼ਲੇਸ਼ਣ ਕਰਨਾ ਅਤੇ ਉਤਪਾਦਾਂ ਅਤੇ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਔਨਲਾਈਨ ਪਲੇਟਫਾਰਮਾਂ ਦੀ ਵਰਤੋਂ ਕਰਨਾ ਸ਼ਾਮਲ ਹੈ। ਡਿਜੀਟਲ ਮਾਰਕੀਟਰ ਬ੍ਰਾਂਡ ਦੀ ਸਫਲਤਾ ਨੂੰ ਅੱਗੇ ਵਧਾਉਣ ਲਈ ਰਚਨਾਤਮਕਤਾ, ਵਿਸ਼ਲੇਸ਼ਣਾਤਮਕ ਹੁਨਰ ਅਤੇ ਰਣਨੀਤਕ ਸੋਚ ਨੂੰ ਜੋੜਦੇ ਹਨ।

ਡਰੋਨ ਅਤੇ ਰੋਬੋਟਿਕਸ ਰੋਬੋਟਿਕਸ ਦਾ ਖੇਤਰ ਹੈਰਾਨੀਜਨਕ



ਰਫ਼ਤਾਰ ਨਾਲ ਅੱਗੇ ਵਧ ਰਿਹਾ ਹੈ ਜੋ ਰੋਬੋਟਾਂ ਅਤੇ ਡਰੋਨਾਂ ਨੂੰ ਡਿਜ਼ਾਈਨ ਕਰਨ ਅਤੇ ਪ੍ਰੋਗਰਾਮ ਕਰਨ ਵਿੱਚ ਦਿਲਚਸਪੀ ਰੱਖਣ ਵਾਲੇ ਵਿਅਕਤੀਆਂ ਲਈ ਮੌਕੇ ਪੇਸ਼ ਕਰਦਾ ਹੈ। ਰੋਬੋਟਿਕਸ ਇੰਜੀਨੀਅਰ ਨਿਰਮਾਣ ਅਤੇ ਸਿਹਤ ਸੰਭਾਲ ਤੋਂ ਲੈ ਕੇ ਲੌਜਿਸਟਿਕਸ ਅਤੇ ਮਨੋਰੰਜਨ ਤੱਕ ਦੇ ਉਦਯੋਗਾਂ ਲਈ ਰੋਬੋਟ ਵਿਕਸਤ ਕਰਦੇ ਹਨ। ਇਸ ਖੇਤਰ ਲਈ ਇੰਜੀਨੀਅਰਿੰਗ ਹੁਨਰਾਂ ਅਤੇ ਨਵੀਨਤਾ ਲਈ ਜਨੂੰਨ ਦੇ ਮਿਸ਼ਰਣ ਦੀ ਲੋੜ ਹੈ। ਜਿਵੇਂ-ਜਿਵੇਂ ਨੌਕਰੀਆਂ ਦਾ ਬਾਜ਼ਾਰ ਵਿਕਸਤ ਹੋ ਰਿਹਾ ਹੈ, ਗ੍ਰੈਜੂਏਟਾਂ ਲਈ ਇਹ ਜ਼ਰੂਰੀ ਹੈ ਕਿ ਉਹ ਆਪਣੇ ਲਈ ਉਪਲਬਧ ਨਵੇਂ ਯੁੱਗ ਦੇ ਕਰੀਅਰ ਵਿਕਲਪਾਂ ਦੀ ਪੜਚੋਲ ਕਰਨ। ਇਹ ਖੇਤਰ ਨਾ ਸਿਰਫ਼ ਦਿਲਚਸਪ ਮੌਕੇ ਪ੍ਰਦਾਨ ਕਰਦੇ ਹਨ, ਸਗੋਂ ਦੁਨੀਆ ਵਿੱਚ ਇੱਕ ਅਰਥਪੂਰਨ ਪ੍ਰਭਾਵ ਪਾਉਣ ਦਾ ਮੌਕਾ ਵੀ ਪ੍ਰਦਾਨ ਕਰਦੇ ਹਨ। ਤਕਨਾਲੋਜੀ, ਨਵੀਨਤਾ ਅਤੇ ਰਚਨ-ਾਤਮਕਤਾ ਦੀ ਸ਼ਕਤੀ ਨੂੰ ਅਪਣਾ ਕੇ, ਵਿਦਿਆਰਥੀ ਇੱਕ ਸਫਲ ਅਤੇ ਸੰਪੂਰਨ ਕਰੀਅਰ ਲਈ ਰਾਹ ਪੱਧਰਾ ਕਰ ਸਕਦੇ ਹਨ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ
ਐਜੂਕੇਸ਼ਨਲ ਕਾਲਮਨਵੀਸ਼ ਗਲੀ
ਕੌਰ ਚੰਦ ਐਮ.ਐਚ.ਆਰ. ਮਲੋਟ
ਪੰਜਾਬ

# ਕਵਿਤਾਵਾਂ

## ਗਲ !

ਇੰਨੇ ਚੁੱਪ ਚੁੱਪ ਕਿਉਂ ?
ਕੋਈ ਗਲ ਹੋਈ ਹੈ ਕੀ?
ਨਹੀਂ ਚੁੱਪ ਤਾਂ ਮੈਂ ਤਾਂ ਹਾਂ
ਕਿ ਗਲ ਹੀ ਤਾਂ ਹੋਈ ਨਹੀਂ ਕੋਈ !
ਕਰ ਲੈਣੀ ਸੀ ਨਾ ਫਿਰ ਗਲ!
ਸੋਚਿਆ ਤਾਂ ਸੀ ਕਿ ਕਰ ਲਵਾਂ ਗਲ!
ਪਰ ਆਇਆ ਧਿਆਨ ਇਕਦਮ
ਕਿਤੇ ਗਲ ਵਿਗੜ ਹੀ ਨਾ ਜਾਵੇ !
ਵਿਗੜੀ ਗਲ ਤਾਂ ਫਿਰ ਵੀ ਲਵਾਂਗੀ ਸੰਭਾਲ
ਲਗ ਰਿਹਾ ਹੈ ਡਰ ਕੁਝ ਕੁਝ
ਕਿ ਗਲ ਇਸਤਰਾਂ ਨਾ ਹੋ ਜਾਵੇ
ਕਿ ਗਲ ਮੁੱਕ ਹੀ ਨਾ ਜਾਵੇ!
ਅਮਰਜੀਤ ਕੌਰ

## ਦੋ ਹਰਫ ਤੇ ਇੱਕ ਮਾਤਰਾ

ਦੋ ਹਰਫ 'ਨ' ਤੇ 'ਸ਼'
ਇੱਕ ਮਾਤਰਾ ਕੰਨੇ ਦੀ ਨਾਲ
ਬਣਾ ਦਿੰਦੇ ਹਨ ਤਿੰਨ ਸ਼ਬਦ
'ਨਸ਼ਾ', 'ਸ਼ਾਨ' ਤੇ 'ਨਾਸ਼'
ਚਲੋ ਹੁਣ ਇਹਨਾਂ ਸ਼ਬਦਾਂ ਨਾਲ
ਬਨਾਈਏ ਕੋਈ ਵਾਕ
ਜਾਪੇ ਮੈਨੂੰ ਜੋ ਸਰਵੋਤਮ ਵਾਕ
ਉਹ ਇਹ ਹੈ ਕਿ
ਨਸ਼ਾ ਸ਼ਾਨ ਦਾ ਕਰਦਾ ਹੈ ਨਾਸ਼
ਵਿਚਾਰੀਏ ਇੱਕ ਪਲ
ਕਿਉਂ ਕਰਨਾ ਹੈ ਸ਼ਾਨ ਦਾ ਨਾਸ਼
ਕਿਉਂ ਨਾ ਕਰੀਏ
ਨਸ਼ੇ ਦਾ ਨਾਸ਼ ,ਨਸ਼ੇ ਦਾ ਨਾਸ਼ ਤੇ ਨਸ਼ੇ ਦਾ ਨਾਸ਼
ਤੇ ਵਧਾਈਏ ਆਪਾਂ ਆਪਣੀ ਸ਼ਾਨ
ਤੇ ਵਧਾਈਏ ਆਪਾਂ ਆਪਣੀ ਸ਼ਾਨ !!

ਅਮਰਜੀਤ ਕੌਰ
ਸਟੇਟ ਐਵਾਰਡੀ ਸੇਵਾ ਮੁਕਤ ਮੁੱਖ ਅਧਿਆਪਕਾ

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL
ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.
Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779
Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947
Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com


Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
CALL JAG FOR A QUICK & FREE HOME EVALUATION
www BramptonTopRealtor.com
www BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
NEW Listing in *MISSISSAUGA*
Winston Churchill/Collegeway/Council Ring
Approx. 2000 sq.ft. ਸੈਮੀ-ਡਿਟੈਚਡ ਹਾਊਸ, 4+2 ਬੈਡਰੂਮ, 3 ਵਾਸ਼ਰੂਮ 2 ਬੈਡਰੂਮ ਫਿਨੀਸ਼ਡ ਬੇਸਮੇਂਟ,3 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ। Family Rm with Fireplace, Stainless Steel Appliances. Spacious Living Rm & Bed Rms. Close to Hwy 403 , QEW , Hwy 407
NEW Listing in *BRAMPTON*
James Potter/Queen/Bonnie Brae
Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.
Listed in *BRAMPTON*
Bovaird/Mclaughlin/Fletchers Creek
2000 sq.ft. ਸੈਮੀ-ਡਿਟੈਚਡ ਹਾਊਸ 4+1 ਬੈਡਰੂਮ + 4 ਵਾਸ਼ਰੂਮ, 1 ਬੈਡਰੂਮ ਫਿਨੀਸ਼ਡ ਬੇਸਮੇਂਟ with separate entrance. Double door entry, ਮਾਸਟਰ ਬੈਡਰੂਮ with 5-ਪੀਸ ਇਨਸੂਇਟ, Walk-in ਕਲੌਜ਼ਿਟ, Laundary on 2nd ਫਲੋਰ ਅਤੇ ਬੇਸਮੇਂਟ। Newly ਅਪਗਰੇਡੀਡ।
NEW Listing in *BRAMPTON*
Hwy 10/Sandalwood/Braidwood
50 ਫੁੱਟ ਦਾ ਡਿਟੈਚਡ ਹਾਊਸ Approx. 2500sq.ft. 4 ਬੈਡਰੂਮ + 3 ਵਾਸ਼ਰੂਮ, $70K ਦੇ ਅਪਗਰੇਡ, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੌਜ਼ਿਟ, No ਕਾਰਪੇਟ, 6 ਪਾਰਕਿੰਗ, Quartz ਕਾਊਂਟਰਟੋਪ, 64"Built-in Fridge, Extra furnance, Heated Garage, Sec camera, storage in backyard.
NEW Listing in *BRAMPTON*
Chinguacousy/Williams Pkwy/Bovaird
ਡਿਟੈਚਡ ਹਾਊਸ Approx. 2000sq.ft. 4+1 ਬੈਡਰੂਮ +4 ਵਾਸ਼ਰੂਮ, ਫਿਨੀਸ਼ਡ ਬੇਸਮੇਂਟ with 1 ਬੈਡ+Rec Rm+4pc ਵਾਸ਼ਰੂਮ, ਡਬਲ-ਡੋਰ entrance, ਮਾਸਟਰ ਬੈਡਰੂਮ with 5-ਪੀਸ ਇਨਸੂਇਟ ਅਤੇ Walk-in ਕਲੌਜ਼ਿਟ, Electric Fireplace, Extended concreted ਡਰਾਈਵੇਅ, storage in backyard, pond & more.
Listed in *MISSISSAUGA*
Burnhamthorpe/Confederation
900-999 sq.ft. ਲੇਕ ਵੀਊ, 2 ਬੈਡਰੂਮ + 1 ਵਾਸ਼ਰੂਮ ਵੱਡੀਆਂ ਕੀੱਚਨ ਕੈਬਨਿਟ, ਨਵਾਂ ਪੈਂਟ, ਨਵੇਂ ਲੈਮੀਨੇਟ ਫਲੋਰ, Huge ਬਾਲਕੋਨੀ, 2 ਪਾਰਕਿੰਗ (ਲਿਫਟ ਦੇ ਬਿਲਕੁਲ ਨੇੜੇ), ਸਾਰੀਆਂ ਸਹੂਲਤਾਂ ਦੇ ਕੋਲ- Square One, Celebration Square, Grand Park Plaza, Sheridan College, YMCA & much more.
FREE
✓ Full MLS Services
✓ Consistently Marketing Your Property Until SOLD
✓ Staging Consultation
✓ Billboard, Flyer, Newspaper
✓ Online Promotion
✓ Professional Pictures and Virtual Tour
✓ Social media & Radio Advertisement
✓ Open House Until Sold
✓ Competitive Rates, Exceptional Service & Award Winning Results
RE/MAX Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


The Mortgage Centre
We work for you, not the lenders.
Second Mortgage
Debt Consolidation
Renovations & Repairs
Avoiding High penalities
No Credit or becon score check.
No income verifiaction.
Interest payments only.
Pay off high interest debts.
75%-80% LTV.
Must have home equity.....
if you are looking for independent mortgage or protection advice....
We're here to help.
* Competitive rates
* Flexible terms
* Fast approval process
For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5
Rexdale Financial Services


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017